ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2389 | 28 February, 2026 Saturday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


# ਅਮਰੀਕੀ ਅਰਥਵਿਵਸਥਾ ਦੇ ਤੇਜ਼ੀ ਨਾਲ ਵਧਣ ਨਾਲ ਬੇਰੋਜ਼ਗਾਰੀ 'ਚ ਕਮੀ ਆ ਸਕਦੀ ਹੈ ਪਰ ਫੈਡਰਲ ਬਜ਼ਟ ਘਾਟਾ ਅਤੇ ਵਧਦਾ ਸਰਕਾਰੀ ਕਰਜ਼ਾ 'ਸਥਿਰਤਾ ਲਈ ਜ਼ੋਖਿਮ' ਬਣ ਸਕਦਾ ਹੈ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਆਈ.ਐੱਮ.ਐੱਫ. ਨੇ ਆਪਣੀ ਰਿਪੋਰਟ 'ਚ ਅਮਰੀਕੀ ਅਰਥਵਿਵਸਥਾ ਦਾ ਸਮੁੱਚਾ ਮੁਲਾਂਕਣ ਪੇਸ਼ ਕੀਤਾ ਹੈ। ਅਮਰੀਕੀ ਅਰਥਵਿਵਸਥਾ ਦੇ ਇਸ ਸਾਲ ਤੇਜ਼ੀ ਨਾਲ ਵਧਣ ਨਾਲ ਹੀ ਬੇਰੋਜ਼ਗਾਰੀ 'ਚ ਕਮੀ ਆ ਸਕਦੀ ਹੈ। ਹਾਲਾਂਕਿ, ਫੈੱਡਰਲ ਬਜਟ ਘਾਟਾ ਅਤੇ ਵਧਦਾ ਸਰਕਾਰੀ ਕਰਜ਼ਾ 'ਸਥਿਰਤਾ ਲਈ ਜੋਖਿਮ' ਬਣ ਸਕਦਾ ਹੈ। ਅੰਤਰਰਾਸ਼ਟਰੀ ਕਰੰਸੀ ਫੰਡ (ਆਈ.ਐੱਮ.ਐੱਫ) ਨੇ ਇਹ ਗੱਲ ਕਹੀ। 191 ਦੇਸ਼ਾਂ ਦੀ ਇਸ ਸੰਸਥਾ ਦਾ ਵਿਸ਼ਵ ਦੀ ਸਭ ਤੋਂ ਵੱਡੀ ਅਰਥਵਿਵਸਥਾ ਬਾਰੇ ਮੁਲਾਂਕਣ ਮੋਟੇ ਤੌਰ 'ਤੇ ਹਾਂ-ਪੱਖੀ ਹੈ। ਰਿਪੋਰਟ ਅਨੁਸਾਰ ਅਮਰੀਕਾ ਦਾ ਕੁਲ ਘਰੇਲੂ ਉਤਪਾਦ (ਜੀ.ਡੀ.ਪੀ) ਭਾਵ ਵਸਤਾਂ ਅਤੇ ਸੇਵਾਵਾਂ ਦਾ ਕੁੱਲ ਉਤਪਾਦਨ 2026 ਦੀ ਚੌਥੀ ਤਿਮਾਹੀ 'ਚ ਸਾਲਾਨਾ ਆਧਾਰ 'ਤੇ 2.4 ਫੀਸਦੀ ਵਧ ਸਕਦਾ ਹੈ। ਇਹ ਵਾਧਾ 2025 'ਚ ਦਰਜ 2.2 ਫੀਸਦੀ ਦੀ ਦਰ ਤੋਂ ਵੱਧ ਹੋਵੇਗਾ।


ਆਈ.ਐੱਮ.ਐੱਫ ਦਾ ਅੰਦਾਜ਼ਾ ਹੈ ਕਿ ਅਮਰੀਕਾ 'ਚ ਬੇਰੋਜ਼ਗਾਰੀ ਦੀ ਦਰ 2025 ਦੇ ਅਖੀਰ 'ਚ 4.5 ਫੀਸਦੀ ਤੋਂ ਘੱਟ ਕੇ 2026 'ਚ 4.1 ਫੀਸਦੀ ਰਹਿ ਜਾਵੇਗੀ। ਉੱਥੇ ਹੀ ਮਹਿੰਗਾਈ ਦਰ 2027 ਤੱਕ ਅਮਰੀਕੀ ਕੇਂਦਰੀ ਬੈਂਕ ਦੇ 2 ਫੀਸਦੀ ਦੇ ਟੀਚੇ ਤੱਕ ਆ ਸਕਦੀ ਹੈ। ਆਈ.ਐੱਮ.ਐੱਫ ਦੀ ਮੈਨੇਜਿੰਗ ਡਾਇਰੈਕਟਰ ਕ੍ਰਿਸਟਾਲੀਨਾ ਜੌਰਜੀਵਾ ਨੇ ਕਿਹਾ ਕਿ ਫੈੱਡਰਲ ਰਿਜ਼ਰਵ ਰੈਪੋ ਦਰ ਨੂੰ ਮੌਜੂਦਾ 3.6 ਫੀਸਦੀ ਤੋਂ ਘਟਾ ਕੇ ਲੱਗਭਗ 3.4 ਫੀਸਦੀ ਤੱਕ ਲਿਆ ਸਕਦਾ ਹੈ। ਇਸ ਨੇ 2025 'ਚ ਨੀਤੀਗਤ ਵਿਆਜ ਦਰ 'ਚ 3 ਵਾਰ ਕਟੌਤੀ ਕੀਤੀ ਸੀ।




ਉਨ੍ਹਾਂ ਨੇ ਹਾਲਾਂਕਿ ਖਬਰਦਾਰ ਕੀਤਾ ਕਿ ਅਮਰੀਕੀ ਰੋਜ਼ਗਾਰ ਬਾਜ਼ਾਰ 'ਚ 'ਬਹੁਤ ਜ਼ਿਆਦਾ ਗਿਰਾਵਟ' ਆਉਣ ਦੀ ਸਥਿਤੀ ਨੂੰ ਛੱਡ ਕੇ ਸਰਕਾਰ ਨੂੰ ਹੋਰ ਕਟੌਤੀ ਕਰਨ ਤੋਂ ਬਚਣਾ ਚਾਹੀਦਾ ਹੈ।

ਰਿਪੋਰਟ ਮੁਤਾਬਕ ਅਮਰੀਕਾ ਨੂੰ ਮਜ਼ਬੂਤ ਉਤਪਾਦਕਤਾ ਵਾਧੇ ਦਾ ਲਾਭ ਮਿਲਿਆ ਹੈ। ਜੌਰਜੀਵਾ ਨੇ ਕਿਹਾ ਕਿ ਜੇਕਰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਲਾਈ ਇੰਪੋਰਟ ਡਿਊਟੀ ਨਹੀਂ ਹੁੰਦੀ, ਤਾਂ ਅਮਰੀਕੀ ਅਰਥਵਿਵਸਥਾ ਦਾ ਪ੍ਰਦਰਸ਼ਨ ਹੋਰ ਬਿਹਤਰ ਹੋ ਸਕਦਾ ਸੀ। ਆਈ.ਐੱਮ.ਐੱਫ ਨੇ ਚਿਤਾਵਨੀ ਦਿੱਤੀ ਕਿ ਸੁਰੱਖਿਆਵਾਦੀ ਵਪਾਰਕ ਨੀਤੀਆਂ ਉਮੀਦ ਤੋਂ ਵੱਧ ਆਰਥਿਕ ਗਤੀਵਿਧੀਆਂ 'ਤੇ ਨਾਂ-ਪੱਖੀ ਅਸਰ ਪਾ ਸਕਦੀਆਂ ਹਨ।


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511


RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED



Space availabe for Ad
Contact #
+1 (209) 303-1260



Law Offices of Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com



LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com



Space available for Ad
Contact # +1 (209) 303-1260



Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Inderjeet Singh Mann
CA Lic# 0H82488
Anthem
Covered California
Certified Insurance Agent
Ph.: (916) 900-2000



Space availabe for Ad
Contact #
+1 (209) 303-1260



THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137



Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com


ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ
350 ਸਾਲਾ ਸ਼ਹੀਦੀ ਗੁਰਪੁਰਬ ਅਤੇ
ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾ ਗੱਦੀ ਨੂੰ ਸਮਰਪਿਤ
ਸ਼ਤਾਬਦੀ ਸਮਾਗਮ
28 ਫਰਵਰੀ - 1 ਮਾਰਚ 2026 (ਸ਼ਨੀਵਾਰ-ਐਤਵਾਰ)
ਓਵੇ ਗਰਾਊਂਡ, ਸੈਕਟਰ 29, ਖਾਰਘਰ, ਨਵੀਂ ਮੁੰਬਈ, ਮਹਾਰਾਸ਼ਟਰ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਸੰਤ ਬਾਬਾ ਕੁਲਵੰਤ ਸਿੰਘ ਜੀ
ਮਾਣਯੋਗ ਸ੍ਰੀ ਅਮਿਤ ਸ਼ਾਹ
ਕੇਂਦਰੀ ਗ੍ਰਹਿ ਮੰਤਰੀ
ਏਕਨਾਥ ਸ਼ਿੰਦੇ
ਸੁਨੇਤਰਾ ਪਵਾਰ
ਮਾਣਯੋਗ ਸ੍ਰੀ ਨਰਿੰਦਰ ਮੋਦੀ
ਪ੍ਰਧਾਨ ਮੰਤਰੀ
ਘੱਟ ਗਿਣਤੀ ਵਿਕਾਸ ਵਿਭਾਗ ਅਤੇ ਰਾਜ ਪੱਧਰੀ ਕਾਨਫਰੰਸ ਕਮੇਟੀ, ਮਹਾਰਾਸ਼ਟਰ ਰਾਜ
ਮਹਾਰਾਸ਼ਟਰ ਸਰਕਾਰ ਵੱਲੋਂ ਆਯੋਜਿਤ
ਮਾਣਯੋਗ ਸ੍ਰੀ ਦੇਵੇਂਦਰ ਫੜਨਵੀਸ
ਸੰਤ ਸਮਾਜ
ਪ੍ਰਚਾਰਕ
੨੮ ਫਰਵਰੀ ਅਤੇ ੧ ਮਾਰਚ ੨੦੨੬
ਸਵੇਰ ੮ ਤੋਂ ਰਾਤ ੧੦ ਵਜੇ ਤੱਕ
ਓਵੇ ਮਦਾਨ, ਸੈਕਟਰ ੨੯, ਖਾਰਘਰ, ਨਵੀਂ ਮੁੰਬਈ
ਮਿਲ ਕੇ ਇਸ ਮਹਾਨ ਸੂਰਬੀਰਤਾ ਦੀ ਗਾਥਾ ਦੇ ਗਵਾਹ ਬਣੋ।


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਯੋਗ ਅਪਣਾਓ, ਤਣਾਅ ਭੁਲਾਓ



ਰਾਜਿੰਦਰ ਸਿੰਘ 'ਰਾਜਨ'
ਪਠਾਨਕੋਟ
9417427656

ਯੋਗ ਆਸਣ ਭਾਰਤ ਦੀ ਪ੍ਰਾਚੀਨ ਵਿਰਾਸਤ ਹੈ, ਜੋ ਸਿਰਫ਼ ਕਸਰਤ ਹੀ ਨਹੀਂ, ਸਗੋਂ ਜੀਵਨ ਜੀਣ ਦੀ ਇੱਕ ਸਮਪੂਰਨ ਪ੍ਰਕਿਰਿਆ ਹੈ। ਇਹ ਮਨੁੱਖੀ ਸਰੀਰ ਦੀ ਬਣਾਵਟ ਅਤੇ ਪ੍ਰਕਿਰਤੀ ਦੇ ਉਚਿੱਤ ਹੈ ਅਤੇ ਪੂਰੀ ਤਰ੍ਹਾਂ ਵਿਗਿਆਨਕ ਅਧਾਰਾਂ 'ਤੇ ਟਿਕੀ ਹੋਈ ਹੈ। ਦੇਸ਼ਾਂ-ਵਿਦੇਸ਼ਾਂ ਦੇ ਡਾਕਟਰਾਂ, ਸਿਹਤ ਵਿਦਵਾਨਾਂ ਅਤੇ ਸਰੀਰਕ ਸਿੱਖਿਆ ਦੇ ਅਧਿਆਪਕਾਂ ਨੇ ਵੀ ਯੋਗ ਦੀ ਮਹੱਤਤਾ ਨੂੰ ਸਵੀਕਾਰਿਆ ਹੈ।

ਅੱਜ ਦੇ ਤਣਾਓ ਭਰੇ ਅਤੇ ਭੱਜ-ਦੌੜ ਵਾਲੇ ਯੁੱਗ ਵਿੱਚ ਯੋਗ ਭਾਰਤ ਹੀ ਨਹੀਂ, ਸਾਰੀ ਦੁਨੀਆਂ ਵਿੱਚ ਹਰਮਨ ਪਿਆਰਾ ਬਣ ਚੁੱਕਾ ਹੈ। ਹਰ ਸਾਲ 21 ਜੂਨ ਨੂੰ ਮਨਾਇਆ ਜਾਣ ਵਾਲਾ "ਅੰਤਰਰਾਸ਼ਟਰੀ ਯੋਗ ਦਿਵਸ" ਇਸ ਦੀ ਵਿਸ਼ਵ ਪ੍ਰਸਿੱਧੀ ਦਾ ਸਬੂਤ ਹੈ। ਭਾਰਤ ਸਰਕਾਰ ਵੀ ਯੋਗ ਦੇ ਪ੍ਰਚਾਰ-ਪ੍ਰਸਾਰ ਲਈ ਲਗਾਤਾਰ ਯਤਨ ਕਰ ਰਹੀ ਹੈ, ਤਾਂ ਜੋ ਲੋਕ ਸਿਹਤਮੰਦ ਅਤੇ ਸੰਤੁਲਿਤ ਜੀਵਨ ਵੱਲ ਪ੍ਰੇਰਿਤ ਹੋਣ।

ਅਸਲ ਵਿੱਚ ਯੋਗ ਦੀ ਪਰੰਪਰਾ ਹਜ਼ਾਰਾਂ ਸਾਲ ਪੁਰਾਣੀ ਹੈ। ਪਹਿਲਾਂ ਇਹ ਸਿਰਫ਼ ਯੋਗੀਆਂ ਅਤੇ ਰਿਸ਼ੀਆਂ ਲਈ ਜ਼ਰੂਰੀ ਸਮਝਿਆ ਜਾਂਦਾ ਸੀ, ਪਰ ਅੱਜ ਇਹ ਆਮ ਮਨੁੱਖ ਲਈ ਵੀ ਉਨ੍ਹਾਂ ਹੀ ਲਾਭਕਾਰੀ ਹੈ। ਸੁੱਖ ਆਸਣ, ਵਜਰਾ ਆਸਣ, ਮਕਰ ਆਸਣ, ਉਸ਼ਤਰਾ ਆਸਣ, ਪਸਚਿਮੋਤਾਨ ਆਸਣ, ਸਰਵਾਂਗ ਆਸਣ, ਧਨੁਰ ਆਸਣ, ਚੱਕਰ ਆਸਣ, ਅਰਧ ਮਤਸਯੇਂਦਰ ਆਸਣ, ਭੁਜੰਗ ਆਸਣ, ਸ਼ਵ ਆਸਣ, ਸਿੱਧ ਆਸਣ ਅਤੇ ਪਦਮ ਆਸਣ ਵਰਗੇ ਯੋਗ ਆਸਣ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਹਰ ਉਮਰ ਦੇ ਵਿਅਕਤੀ ਆਸਾਨੀ ਨਾਲ ਕਰ ਸਕਦੇ ਹਨ। ਇਹ ਆਸਣ ਸਿਰਫ਼ ਕਸਰਤ ਨਹੀਂ, ਸਗੋਂ ਪੂਰਨ ਜੀਵਨ-ਸ਼ੈਲੀ ਦਾ ਹਿੱਸਾ ਹਨ।

ਨਿਯਮਿਤ ਅਭਿਆਸ ਨਾਲ ਸ਼ਰੀਰ ਲਚਕਦਾਰ ਬਣਦਾ ਹੈ, ਮਾਸਪੇਸ਼ੀਆਂ ਮਜ਼ਬੂਤ ਹੁੰਦੀਆਂ ਹਨ ਅਤੇ ਅੰਦਰੂਨੀ ਅੰਗ ਸੁਚੱਜੇ ਢੰਗ ਨਾਲ ਕੰਮ ਕਰਦੇ ਹਨ। ਕਈ ਰੋਗਾਂ ਤੋਂ ਬਚਾਅ ਵਿੱਚ ਯੋਗ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਪੇਟ ਦੀਆਂ ਬਿਮਾਰੀਆਂ, ਕਮਰ ਦਰਦ, ਮੋਟਾਪਾ, ਤਣਾਅ ਅਤੇ ਨੀਂਦ ਦੀ ਕਮੀ ਵਰਗੀਆਂ ਸਮੱਸਿਆਵਾਂ ਵਿੱਚ ਇਹ ਆਸਣ ਲਾਭਕਾਰੀ ਸਾਬਤ ਹੁੰਦੇ ਹਨ ਅਤੇ ਸ਼ਰੀਰ ਵਿੱਚ ਨਵੀਂ ਤਾਜ਼ਗੀ ਭਰਦੇ ਹਨ। ਥਕਾਵਟ ਦੀ ਥਾਂ ਚੁਸਤੀ ਤੇ ਫੁਰਤੀ ਆ ਜਾਂਦੀ ਹੈ। ਮਨ ਸ਼ਾਂਤ ਰਹਿੰਦਾ ਹੈ ਅਤੇ ਸੋਚ ਸਕਾਰਾਤਮਕ ਬਣਦੀ ਹੈ। ਦਿਨ ਦੀ ਸ਼ੁਰੂਆਤ ਜੇਕਰ ਕੁਝ ਮਿੰਟਾਂ ਦੇ ਯੋਗ ਅਭਿਆਸ ਨਾਲ ਕੀਤੀ ਜਾਵੇ ਤਾਂ ਪੂਰਾ ਦਿਨ ਉਰਜਾਵਾਨ ਅਤੇ ਖੁਸ਼ਗਵਾਰ ਬਣ ਸਕਦੇ ਹਾਂ।

ਅਸਲ ਵਿੱਚ ਯੋਗ ਦੀ ਪਰੰਪਰਾ ਹਜ਼ਾਰਾਂ ਸਾਲ ਪੁਰਾਣੀ ਹੈ। ਪਹਿਲਾਂ ਇਹ ਸਿਰਫ਼ ਯੋਗੀਆਂ ਅਤੇ ਰਿਸ਼ੀਆਂ ਲਈ ਜ਼ਰੂਰੀ ਸਮਝਿਆ ਜਾਂਦਾ ਸੀ, ਪਰ ਅੱਜ ਇਹ ਆਮ ਮਨੁੱਖ ਲਈ ਵੀ ਉਨ੍ਹਾਂ ਹੀ ਲਾਭਕਾਰੀ ਹੈ। ਯੋਗ ਆਸਣਾਂ ਰਾਹੀਂ ਹਰ ਵਿਅਕਤੀ ਸਿਹਤਮੰਦ, ਸੁੰਦਰ ਅਤੇ ਤਾਕਤਵਰ ਬਣ ਸਕਦਾ ਹੈ।

"ਯੋਗ" ਸ਼ਬਦ ਸੰਸਕ੍ਰਿਤ ਦੇ "ਯੁਜ" ਧਾਤੂ ਤੋਂ ਨਿਕਲਿਆ ਹੈ, ਜਿਸ ਦਾ ਅਰਥ ਹੈ, ਜੋੜਨਾ ਜਾਂ ਏਕਤਾ ਕਾਇਮ ਕਰਨਾ। ਅਸਲ ਵਿੱਚ ਯੋਗ ਸ਼ਰੀਰ, ਮਨ ਅਤੇ ਆਤਮਾ ਦਾ ਸੁਮੇਲ ਹੈ। ਇਹ ਮਨੁੱਖ ਦੀਆਂ ਅੰਦਰੂਨੀ ਤਾਕਤਾਂ ਨੂੰ ਜਾਗਰੂਕ ਕਰਦਾ ਹੈ ਅਤੇ ਉਸਨੂੰ ਸਵੈ-ਵਿਸ਼ਵਾਸ ਨਾਲ ਭਰਪੂਰ ਜੀਵਨ ਜੀਣ ਦੀ ਪ੍ਰੇਰਣਾ ਦਿੰਦਾ ਹੈ। ਯੋਗ ਸਿਰਫ਼ ਧਾਰਮਿਕ ਜਾਂ ਆਧਿਆਤਮਿਕ ਅਭਿਆਸ ਨਹੀਂ, ਸਗੋਂ ਸ਼ਰੀਰਕ, ਮਨੋਵਿਗਿਆਨਕ ਅਤੇ ਦਾਰਸ਼ਨਿਕ ਪੱਖਾਂ ਦਾ ਸੁੰਦਰ ਸੰਯੋਗ ਹੈ।

ਅਸ਼ਟਾਂਗ ਯੋਗ : ਆਤਮਿਕ ਉਚਾਈਆਂ ਵੱਲ ਇੱਕ ਪਵਿੱਤਰ ਯਾਤਰਾ ਭਾਰਤੀ ਦਰਸ਼ਨ ਦੀ ਅਨਮੋਲ ਵਿਰਾਸਤ ਵਿੱਚੋਂ ਇੱਕ ਹੈ ਅਸ਼ਟਾਂਗ ਯੋਗ, ਜਿਸ ਦਾ ਵਰਣਨ ਮਹਾਰਿਸ਼ੀ ਪਤੰਜਲੀ ਨੇ ਆਪਣੇ ਯੋਗ ਸੂਤਰਾਂ ਵਿੱਚ ਕੀਤਾ। ਇਹ ਸਿਰਫ਼ ਸ਼ਰੀਰਕ ਕਸਰਤ ਨਹੀਂ, ਸਗੋਂ ਮਨ, ਆਤਮਾ ਅਤੇ ਚੇਤਨਾ ਦੀ ਸੰਪੂਰਨ ਸ਼ੁੱਧਤਾ ਵੱਲ ਲੈ ਜਾਣ ਵਾਲੀ ਵਿਗਿਆਨਕ ਅਤੇ ਆਧਿਆਤਮਿਕ ਪ੍ਰਕਿਰਿਆ ਹੈ। "ਅਸ਼ਟਾਂਗ" ਦਾ ਅਰਥ ਹੈ, ਅੱਠ ਅੰਗ ਜਾਂ ਪੜਾਅ। ਇਹ ਅੱਠੋ ਅੰਗ ਮਨੁੱਖ ਨੂੰ ਅੰਦਰੂਨੀ ਬੇਚੈਨੀ ਤੋਂ ਬਚਾ ਕੇ ਆਤਮਿਕ ਸ਼ਾਂਤੀ ਅਤੇ ਪਰਮ ਸੱਚ ਨਾਲ ਮਿਲਾਪ ਵੱਲ ਲੈ ਜਾਂਦੇ ਹਨ।

ਯਮ: ਆਚਰਨ ਦੀ ਪਵਿੱਤਰਤਾ ਦਾ ਆਧਾਰ

ਯਮ ਮਨੁੱਖੀ ਆਚਰਨ ਦੀ ਮਜ਼ਬੂਤ ਨੀਂਹ ਹੈ। ਇਹ ਸਾਨੂੰ ਸੱਚਾਈ, ਅਹਿੰਸਾ, ਅਪਰਿਗ੍ਰਹ, ਅਸਤੇਯ ਅਤੇ ਬ੍ਰਹਮਚਾਰਿਆ ਵਰਗੀਆਂ ਉੱਚੀਆਂ ਨੈਤਿਕ ਮੁੱਲਾਂ ਦੀ ਪਾਲਣਾ ਕਰਨਾ ਸਿਖਾਉਂਦਾ ਹੈ। ਯਮ ਸਿਰਫ਼ ਬਾਹਰੀ ਵਰਤਾਰਾ ਨਹੀਂ, ਸਗੋਂ ਮਨ ਦੇ ਅਨੁਸ਼ਾਸਨ ਅਤੇ ਚਿੰਤਨ ਦੀ ਪਵਿੱਤਰਤਾ ਨਾਲ ਸੰਬੰਧਿਤ ਹੈ। ਜਦੋਂ ਮਨੁੱਖ ਆਪਣੀ ਸੋਚ ਅਤੇ ਕਰਮ ਨੂੰ ਪਵਿੱਤਰ ਕਰ ਲੈਂਦਾ ਹੈ, ਤਦੋਂ ਉਹ ਸਮਾਜ ਵਿੱਚ ਸਦਭਾਵ ਅਤੇ ਵਿਸ਼ਵਾਸ ਦਾ ਮਾਹੌਲ ਪੈਦਾ ਕਰਦਾ ਹੈ।

ਨਿਯਮ: ਅੰਦਰੂਨੀ ਅਤੇ ਬਾਹਰੀ ਸਫ਼ਾਈ ਦਾ ਸੰਦੇਸ਼

ਨਿਯਮ ਵਿਅਕਤੀਗਤ ਅਨੁਸ਼ਾਸਨ ਦੀ ਗੱਲ ਕਰਦੇ ਹਨ। ਸ਼ੌਚ (ਸਫ਼ਾਈ), ਸੰਤੋਸ਼, ਤਪ, ਸਵਾਧਿਆਯ ਅਤੇ ਈਸ਼ਵਰ ਪ੍ਰਣਿਧਾਨ ਇਸ ਦੇ ਅੰਗ ਹਨ। ਨਿਯਮ ਸਾਨੂੰ ਸਿਖਾਉਂਦੇ ਹਨ ਕਿ ਸਰੀਰ ਦੀ ਸਫ਼ਾਈ ਦੇ ਨਾਲ ਮਨ ਦੀ ਸਫ਼ਾਈ ਵੀ ਜ਼ਰੂਰੀ ਹੈ। ਸੰਤੋਸ਼ ਮਨੁੱਖ ਨੂੰ ਲਾਲਚ ਤੋਂ ਬਚਾਉਂਦਾ ਹੈ, ਜਦਕਿ ਸਵਾਧਿਆਯ ਅਤੇ ਈਸ਼ਵਰ ਭਗਤੀ ਜੀਵਨ ਨੂੰ ਉੱਚੀ ਦਿਸ਼ਾ ਦਿੰਦੇ ਹਨ।

ਆਸਣ: ਤੰਦਰੁਸਤੀ ਅਤੇ ਸਥਿਰਤਾ ਦਾ ਪ੍ਰਤੀਕ

ਆਸਣ ਸ਼ਰੀਰ ਨੂੰ ਮਜ਼ਬੂਤ, ਲਚਕਦਾਰ ਅਤੇ ਰੋਗ-ਰਹਿਤ ਬਣਾਉਂਦੇ ਹਨ। ਇਹ ਸਿਰਫ਼ ਕਸਰਤ ਨਹੀਂ, ਸਗੋਂ ਸਰੀਰ ਅਤੇ ਮਨ ਦੇ ਤਾਲਮੇਲ ਦੀ ਕਲਾ ਹੈ। ਜਦੋਂ ਸ਼ਰੀਰ ਸਥਿਰ ਅਤੇ ਆਰਾਮਦਾਇਕ ਅਵਸਥਾ ਵਿੱਚ ਹੁੰਦਾ ਹੈ, ਤਦ ਮਨ ਵੀ ਇਕਾਗ੍ਰ ਹੋਣ ਲੱਗਦਾ ਹੈ। ਇਸ ਤਰ੍ਹਾਂ ਆਸਣ ਆਗਲੇ ਆਧਿਆਤਮਿਕ ਪੜਾਅ ਲਈ ਮਜ਼ਬੂਤ ਮੰਚ ਤਿਆਰ ਕਰਦੇ ਹਨ।

ਪ੍ਰਾਣਾਯਾਮ: ਸਾਹ ਵਿੱਚ ਲੁਕਿਆ ਜੀਵਨ-ਸੁਰ

ਪ੍ਰਾਣਾਯਾਮ ਸਾਹ ਦੀ ਸਹੀ ਵਿਧੀ ਰਾਹੀਂ ਪ੍ਰਾਣ ਸ਼ਕਤੀ ਨੂੰ ਸੰਤੁਲਿਤ ਕਰਦਾ ਹੈ। ਇਹ ਸਾਨੂੰ ਸਿਖਾਉਂਦਾ ਹੈ ਕਿ ਸਾਹ ਸਿਰਫ਼ ਹਵਾ ਨਹੀਂ, ਜੀਵਨ ਦੀ ਲਹਿਰ ਹੈ। ਗਹਿਰੇ ਅਤੇ ਨਿਯਮਿਤ ਪ੍ਰਾਣਾਯਾਮ ਨਾਲ ਮਨ ਦੀ ਅਸ਼ਾਂਤੀ ਘਟਦੀ ਹੈ, ਚਿੰਤਾ ਦੂਰ ਹੁੰਦੀ ਹੈ ਅਤੇ ਚੇਤਨਾ ਪ੍ਰਕਾਸ਼ਮਾਨ ਹੋ ਜਾਂਦੀ ਹੈ।

ਪ੍ਰਤਿਆਹਾਰ: ਇੰਦਰੀਆਂ ਦੀ ਵਾਪਸੀ

ਅੱਜ ਦਾ ਮਨੁੱਖ ਬਾਹਰੀ ਚਮਕ-ਧਮਕ ਅਤੇ ਭਟਕਣਾਂ ਵਿੱਚ ਫਸਿਆ ਹੋਇਆ ਹੈ। ਪ੍ਰਤਿਆਹਾਰ ਇੰਦਰੀਆਂ ਨੂੰ ਬਾਹਰੀ ਵਿਸ਼ਿਆਂ ਤੋਂ ਹਟਾ ਕੇ ਅੰਦਰੂਨੀ ਸ਼ਾਂਤੀ ਵੱਲ ਮੋੜਨ ਦੀ ਕਲਾ ਹੈ। ਇਹ ਉਹ ਪੜਾਅ ਹੈ ਜਿੱਥੇ ਮਨੁੱਖ ਆਪਣੀ ਅਸਲ ਅੰਦਰੂਨੀ ਆਵਾਜ਼ ਸੁਣਨਾ ਸ਼ੁਰੂ ਕਰਦਾ ਹੈ।

ਧਾਰਣਾ: ਇਕਾਗ੍ਰਤਾ ਦੀ ਸ਼ੁਰੂਆਤ

ਧਾਰਣਾ ਮਨ ਨੂੰ ਇੱਕ ਨਿਰਧਾਰਤ ਕੇਂਦਰ 'ਤੇ ਟਿਕਾਉਣ ਦੀ ਪ੍ਰਕਿਰਿਆ ਹੈ। ਇਹ ਇਕਾਗ੍ਰਤਾ ਦਾ ਅਭਿਆਸ ਹੈ, ਜਿੱਥੇ ਮਨ ਦੇ ਭਟਕਣਾਂ ਨੂੰ ਕਾਬੂ ਕੀਤਾ ਜਾਂਦਾ ਹੈ। ਧਾਰਣਾ ਮਨੁੱਖ ਨੂੰ ਮਨੋਬਲ ਅਤੇ ਆਤਮ-ਵਿਸ਼ਵਾਸ ਦਿੰਦੀ ਹੈ।

ਧਿਆਨ: ਚੇਤਨਾ ਦੀ ਗਹਿਰਾਈ

ਧਿਆਨ ਇਕਾਗ੍ਰਤਾ ਦੀ ਉੱਚ ਅਵਸਥਾ ਹੈ। ਇਹ ਉਹ ਪਲ ਹੈ ਜਦੋਂ ਮਨ ਨਿਰਵਿਕਾਰ ਹੋ ਜਾਂਦਾ ਹੈ ਅਤੇ ਅੰਦਰੂਨੀ ਸ਼ਾਂਤੀ ਦੀ ਅਨੁਭੂਤੀ ਹੁੰਦੀ ਹੈ। ਧਿਆਨ ਮਨੁੱਖ ਨੂੰ ਅੰਦਰੋਂ ਮਜ਼ਬੂਤ ਕਰਦਾ ਹੈ ਅਤੇ ਜੀਵਨ ਦੇ ਸੰਕਟਾਂ ਨਾਲ ਜੂਝਣ ਦੀ ਤਾਕਤ ਦਿੰਦਾ ਹੈ।

ਸਮਾਧੀ: ਪਰਮ ਅਨੁਭੂਤੀ ਦਾ ਸ਼ਿਖਰ

ਸਮਾਧੀ ਅਸ਼ਟਾਂਗ ਯੋਗ ਦੀ ਪਰਾਕਾਸ਼ਠਾ ਹੈ। ਇਹ ਉਹ ਅਵਸਥਾ ਹੈ ਜਿੱਥੇ ਆਤਮਾ ਪਰਮਾਤਮਾ ਨਾਲ ਇਕ ਰੂਪ ਹੋ ਜਾਂਦੀ ਹੈ। ਅਹੰਕਾਰ ਲੀਨ ਹੋ ਜਾਂਦਾ ਹੈ ਅਤੇ ਮਨੁੱਖ ਸੱਚ, ਚੇਤਨਾ ਅਤੇ ਆਨੰਦ ਦੇ ਅਨੁਭਵ ਵਿੱਚ ਵਿਲੀਨ ਹੋ ਜਾਂਦਾ ਹੈ। ਯੋਗ ਮਨੁੱਖੀ ਜੀਵਨ ਨੂੰ ਸੰਤੁਲਨ, ਸਿਹਤ ਅਤੇ ਆਤਮਿਕ ਉਚਾਈਆਂ ਵੱਲ ਲੈ ਜਾਣ ਵਾਲਾ ਮੁਕੰਮਲ ਮਾਰਗ ਹੈ। ਇਹ ਸਿਰਫ਼ ਯੋਗ ਮੈਟ 'ਤੇ ਕੀਤੀ ਜਾਣ ਵਾਲੀ ਕਸਰਤ ਨਹੀਂ, ਸਗੋਂ ਜੀਵਨ ਜਿਉਣ ਦੀ ਕਲਾ ਹੈ। ਜੇ ਅਸੀਂ ਇਸ ਦੇ ਅੱਠੋ ਅੰਗਾਂ ਨੂੰ ਅਪਣਾਈਏ, ਤਾਂ ਨਾ ਸਿਰਫ਼ ਵਿਅਕਤੀਗਤ ਜੀਵਨ ਸੁਖਮਈ ਬਣੇਗਾ, ਬਲਕਿ ਸਮਾਜ ਵਿੱਚ ਵੀ ਸਦਭਾਵਨਾ ਅਤੇ ਸ਼ਾਂਤੀ ਦੀ ਸਥਾਪਨਾ ਹੋ ਸਕੇਗੀ।

ਯੋਗ ਦੇ ਪਹਿਲੇ ਚਾਰ ਅੰਗ: ਯਮ, ਨਿਯਮ, ਆਸਣ ਅਤੇ ਪ੍ਰਾਣਯਾਮ ਆਮ ਮਨੁੱਖ ਲਈ ਬਹੁਤ ਹੀ ਲਾਭਕਾਰੀ ਅਤੇ ਅਭਿਆਸ ਯੋਗ ਹਨ। ਇਨ੍ਹਾਂ ਦੇ ਨਿਯਮਿਤ ਅਭਿਆਸ ਨਾਲ ਸਰੀਰ ਮਜ਼ਬੂਤ, ਮਨ ਸ਼ਾਂਤ ਅਤੇ ਜੀਵਨ ਉਤਸ਼ਾਹ ਨਾਲ ਭਰਪੂਰ ਬਣਦਾ ਹੈ। ਅੱਜ ਜਦੋਂ ਮਨੁੱਖ ਤਣਾਅ, ਚਿੰਤਾ, ਘਬਰਾਹਟ ਅਤੇ ਅਨੇਕਾਂ ਰੋਗਾਂ ਨਾਲ ਜੂਝ ਰਿਹਾ ਹੈ ਤਾਂ ਯੋਗ ਇੱਕ ਸਰਲ ਅਤੇ ਪ੍ਰਭਾਵਸ਼ਾਲੀ ਇਲਾਜ ਵਜੋਂ ਸਾਹਮਣੇ ਆਇਆ ਹੈ।

ਭਾਰਤ ਸਰਕਾਰ ਵੱਲੋਂ ਯੋਗ ਦੇ ਪ੍ਰਚਾਰ-ਪ੍ਰਸਾਰ ਲਈ ਕੀਤੇ ਜਾ ਰਹੇ ਯਤਨ ਸ਼ਲਾਘਾਯੋਗ ਹਨ, ਪਰ ਸਮੇਂ ਦੀ ਮੰਗ ਹੈ ਕਿ ਇਨ੍ਹਾਂ ਕੋਸ਼ਿਸ਼ਾਂ ਨੂੰ ਹੋਰ ਵਿਸ਼ਾਲ ਅਤੇ ਪ੍ਰਭਾਵਸ਼ਾਲੀ ਪੱਧਰ ਤੱਕ ਲਿਆਂਦਾ ਜਾਵੇ। ਇਸ ਲਈ ਲੋੜ ਹੈ ਕਿ ਸਕੂਲਾਂ ਅਤੇ ਕਾਲਜਾਂ ਵਿੱਚ ਯੋਗ ਆਸਣ ਨੂੰ ਚੋਣਵੇਂ ਵਿਸ਼ੇ ਵਜੋਂ ਲਾਗੂ ਕੀਤਾ ਜਾਵੇ। ਅੱਜ ਜਦੋਂ ਨੌਜਵਾਨ ਵਰਗ ਨਸ਼ਿਆਂ ਦੀ ਭਿਆਨਕ ਲਪੇਟ ਵਿੱਚ ਆ ਰਿਹਾ ਹੈ, ਤਦ ਯੋਗ ਇੱਕ ਪ੍ਰਕਾਸ਼-ਪੁੰਜ ਵਾਂਗ ਸਾਬਤ ਹੋ ਸਕਦਾ ਹੈ। ਜੇ ਸਕੂਲਾਂ, ਕਾਲਜਾਂ, ਪਿੰਡਾ ਅਤੇ ਸ਼ਹਿਰ ਦੇ ਕਾਲਜਾਂ ਵਿੱਚ ਯੋਗ ਕਲਾਸਾਂ ਨੂੰ ਲਾਜ਼ਮੀ ਅਤੇ ਨਿਯਮਿਤ ਬਣਾਇਆ ਜਾਵੇ, ਤਾਂ ਇਹ ਨੌਜਵਾਨਾਂ ਦੀ ਸੋਚ ਵਿੱਚ ਸਕਾਰਾਤਮਕ ਬਦਲਾਅ ਲਿਆ ਸਕਦਾ ਹੈ।

ਮੀਡੀਆ, ਸਮਾਜਿਕ ਸੰਸਥਾਵਾਂ ਅਤੇ ਧਾਰਮਿਕ ਮੰਚਾਂ ਦੀ ਭੂਮਿਕਾ ਵੀ ਇਸ ਸੰਦਰਭ ਵਿੱਚ ਮਹੱਤਵਪੂਰਨ ਰੋਲ ਅਦਾ ਕਰਦੀ ਹੈ। ਜਦੋਂ ਯੋਗ ਦੀਆਂ ਸਾਹਾਂ ਵਿੱਚ ਸ਼ਾਂਤੀ ਅਤੇ ਆਤਮ-ਚੇਤਨਾ ਦੀ ਰੌਸ਼ਨੀ ਸ਼ਾਮਲ ਹੋਵੇਗੀ, ਤਾਂ ਨਸ਼ੇ ਦਾ ਹਨੇਰਾ ਆਪ ਹੀ ਦੂਰ ਹੋਣ ਲੱਗੇਗਾ। ਇਹ ਕਦਮ ਸਰੀਰ ਨੂੰ ਹੀ ਨਹੀਂ, ਮਨ ਅਤੇ ਆਤਮਾ ਨੂੰ ਵੀ ਮਜ਼ਬੂਤ ਕਰੇਗਾ ਅਤੇ ਇੱਕ ਸਿਹਤਮੰਦ, ਜਾਗਰੂਕ ਤੇ ਨਸ਼ਾ-ਮੁਕਤ ਸਮਾਜ ਦੀ ਨੀਂਹ ਬਣੇਗਾ।

ਆਓ, ਅਸੀਂ ਸਭ ਮਿਲ ਕੇ ਯੋਗ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਈਏ ਅਤੇ ਨਸ਼ਿਆਂ ਤੋਂ ਦੂਰ ਰਹਿੰਦੇ ਹੋਏ ਇੱਕ ਤੰਦਰੁਸਤ, ਸੰਤੁਲਿਤ ਅਤੇ ਚੇਤਨ ਸਮਾਜ ਦੇ ਨਿਰਮਾਣ ਵੱਲ ਕਦਮ ਵਧਾਈਏ। ਇਹ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਜਾਗਰੂਕ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ ਕਿ ਯੋਗ ਨੂੰ ਅਪਣਾਈਏ ਅਤੇ ਸੁਖਮਈ, ਸਿਹਤਮੰਦ ਜੀਵਨ ਵੱਲ ਕਦਮ ਵਧਾਈਏ।

**Information in Public Interest**

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


TAKE CONTROL
OF YOUR HEALTH
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing,
Hormone Testing, Diabetes Monitoring, STD Testing, & More!
NO INSURANCE?
NO PROBLEM!
WALK-INS WELCOME
ANYLABTEST NOW
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336


WE HAVE THE CHEAPEST FARES TO INDIA
LEGEND TRAVEL
arc accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals ★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA

JRP REALTY GROUP
A TRADITION OF REAL ESTATE EXCELLENCE

SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries
Gas Stations, Apartments, Commercial Buildings, Liquor stores and Land

CALL TODAY TO BUY/SELL YOUR REAL ESTATE/ BUSINESS



Jaswant S.Pannu
Office: 209-900-1994
Cell: 408-340-0157
jaswantpannu@yahoo.com



Raman Singh
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties

For more properties or business, contact us.






LENDINGASSETS
Elevating Your Mortgage Experience

Home Loan ਘਰਾਂ ਦੇ ਲੋਨ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ


ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

Refinance @2.75% APR or lower

LOVEPREET KAUR
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

EQUAL HOUSING OPPORTUNITY



Apply online at www.lendingassets.com and check out the live lowest rates on our website

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿਂਕ ਉਿਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੀਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤਿ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਕਿਉਂ ਲੱਖਾਂ ਲੋਕ ਟਰੰਪ ਦੇ ਦੇਸ਼ ਅਮਰੀਕਾ 'ਚੋਂ ਦੂਜੇ ਦੇਸ਼ਾਂ ਨੂੰ ਕਰ ਰਹੇ ਪਰਵਾਸ?

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਪਿਛਲੇ ਕੁਝ ਸਮੇਂ ਤੋਂ ਇੱਕ ਵੱਡੀ ਜਨਸੰਖਿਆ ਤਬਦੀਲੀ ਦਾ ਗਵਾਹ ਬਣ ਰਿਹਾ ਹੈ। ਫਾਈਨੈਂਸ਼ੀਅਲ ਡੇਲੀ ਦੀ ਇੱਕ ਰਿਪੋਰਟ ਦੇ ਅਨੁਸਾਰ, ਵੱਡੀ ਗਿਣਤੀ ਵਿੱਚ ਅਮਰੀਕੀ ਦੇਸ਼ ਛੱਡ ਰਹੇ ਹਨ। 1935 ਦੇ ਮਹਾਂਮੰਦੀ ਤੋਂ ਬਾਅਦ ਇਹ ਪਹਿਲੀ ਵਾਰ ਹੋਇਆ ਹੈ। ਬਰੂਕਿੰਗਜ਼ ਇੰਸਟੀਚਿਊਸ਼ਨ ਦਾ ਅੰਦਾਜ਼ਾ ਹੈ ਕਿ ਪਿਛਲੇ ਸਾਲ ਲਗਭਗ ਡੇਢ ਲੱਖ ਲੋਕਾਂ ਨੇ ਸੰਯੁਕਤ ਰਾਜ ਛੱਡ ਦਿੱਤਾ ਹੈ। ਇਹ ਗਿਣਤੀ 2026 ਵਿੱਚ ਹੋਰ ਵੱਧ ਸਕਦੀ ਹੈ। ਬਹੁਤ ਸਾਰੇ ਮਾਹਰ ਇਸਨੂੰ ਡੋਨਾਲਡ ਟਰੰਪ ਦੇ ਸੱਤਾ ਵਿੱਚ ਆਉਣ ਨਾਲ ਜੋੜ ਰਹੇ ਹਨ।ਵਾਲ ਸਟਰੀਟ ਜਰਨਲ ਦੀ ਇੱਕ ਰਿਪੋਰਟ ਅਨੁਸਾਰ, ਵਿਦੇਸ਼ਾਂ ਤੋਂ ਸੰਯੁਕਤ ਰਾਜ ਅਮਰੀਕਾ ਵਿੱਚ ਵਸਣ ਵਾਲੇ ਲੋਕਾਂ ਦੀ ਕੁੱਲ ਗਿਣਤੀ 2025 ਵਿੱਚ ਘੱਟ ਕੇ 26-27 ਲੱਖ ਰਹਿ ਗਈ ਹੈ, ਜੋ ਕਿ 2023 ਵਿੱਚ ਲਗਭਗ 60 ਲੱਖ ਸੀ। ਵਾਲ ਸਟਰੀਟ ਜਰਨਲ ਨੇ 15 ਦੇਸ਼ਾਂ ਦੇ 2025 ਦੇ ਸਾਰੇ ਜਾਂ ਕੁਝ ਹਿੱਸੇ ਦੇ ਅੰਕੜਿਆਂ ਦਾ ਵਿਸ਼ਲੇਸ਼ਣ ਕੀਤਾ ਅਤੇ ਪਾਇਆ ਕਿ ਘੱਟੋ-ਘੱਟ 1 ਲੱਖ 80 ਹਜ਼ਾਰ ਅਮਰੀਕੀ ਇਨ੍ਹਾਂ ਦੇਸ਼ਾਂ ਵਿੱਚ ਪਰਵਾਸ ਕਰ ਗਏ ਸਨ। ਪੂਰਾ ਡੇਟਾ ਉਪਲਬਧ ਹੋਣ ਤੋਂ ਬਾਅਦ ਇਹ ਗਿਣਤੀ ਹੋਰ ਵਧ ਸਕਦੀ ਹੈ।ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਮਹਾਂਮਾਰੀ ਤੋਂ ਬਾਅਦ ਪੁਰਤਗਾਲ ਵਿੱਚ ਅਮਰੀਕੀ ਨਿਵਾਸੀਆਂ ਦੀ ਗਿਣਤੀ 500 ਪ੍ਰਤੀਸ਼ਤ ਤੋਂ ਵੱਧ ਵਧੀ ਹੈ। ਇਕੱਲੇ 2024 ਵਿੱਚ, 36 ਪ੍ਰਤੀਸ਼ਤ ਦਾ ਉਛਾਲ ਆਇਆ। 2025 ਵਿੱਚ 10 ਹਜ਼ਾਰ ਤੋਂ ਵੱਧ ਅਮਰੀਕੀ ਆਇਰਲੈਂਡ ਪਹੁੰਚੇ, ਜੋ ਕਿ ਪਿਛਲੇ ਸਾਲ ਨਾਲੋਂ ਲਗਭਗ ਦੁੱਗਣਾ ਹੈ। ਫਾਈਨੈਂਸ਼ੀਅਲ ਡੇਲੀ ਨੇ ਰਿਪੋਰਟ ਦਿੱਤੀ ਕਿ ਪਿਛਲੇ ਸਾਲ ਜਰਮਨੀ ਤੋਂ ਅਮਰੀਕਾ ਨਾਲੋਂ ਜ਼ਿਆਦਾ ਲੋਕ ਅਮਰੀਕਾ ਤੋਂ ਜਰਮਨੀ ਚਲੇ ਗਏ।ਰੀਲੋਕੇਸ਼ਨ ਕੰਪਨੀਆਂ ਵੀ ਅਮਰੀਕਾ ਛੱਡਣ ਵਾਲੇ ਲੋਕਾਂ ਦੀ ਵਧਦੀ ਮੰਗ ਦੀ ਰਿਪੋਰਟ ਕਰ ਰਹੀਆਂ ਹਨ। ਐਕਸਪੈਟਸੀ ਦੇ ਸੰਸਥਾਪਕ ਜੇਨ ਬਾਰਨੇਟ ਦੇ ਹਵਾਲੇ ਨਾਲ ਕਿਹਾ ਗਿਆ ਸੀ ਕਿ ਪਹਿਲਾਂ, ਦੇਸ਼ ਛੱਡਣ ਵਾਲੇ ਅਮਰੀਕੀ ਬਹੁਤ ਸਾਹਸੀ ਸਨ ਅਤੇ ਉਨ੍ਹਾਂ ਕੋਲ ਚੰਗੇ ਪ੍ਰਮਾਣ ਪੱਤਰ ਸਨ, ਪਰ ਹੁਣ ਉਸ ਵਰਗੇ ਆਮ ਲੋਕ



ਵੀ ਜਾ ਰਹੇ ਹਨ। ਉਸਨੇ ਕਿਹਾ ਕਿ ਉਸਦੀ ਕੰਪਨੀ ਦਾ ਟੀਚਾ 10 ਲੱਖ ਅਮਰੀਕੀਆਂ ਨੂੰ ਵਿਦੇਸ਼ ਜਾਣ ਵਿੱਚ ਮਦਦ ਕਰਨਾ ਹੈ।

ਉਹ ਕਹਿੰਦੀ ਹੈ ਕਿ ਭਾਵੇਂ ਅਮਰੀਕਾ ਵਿੱਚ ਤਨਖਾਹਾਂ ਵੱਧ ਹੋ ਸਕਦੀਆਂ ਹਨ, ਪਰ ਯੂਰਪ ਵਿੱਚ ਜੀਵਨ ਦੀ ਗੁਣਵੱਤਾ ਬਿਹਤਰ ਹੈ।ਉੱਥੇ ਹੀ ਕੁਝ ਮਾਹਰ ਇਸ ਰੁਝਾਨ ਨੂੰ "ਡੋਨਾਲਡ ਡੈਸ਼" ਕਹਿ ਰਹੇ ਹਨ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਦੂਜੇ ਕਾਰਜਕਾਲ ਦੌਰਾਨ ਅਮਰੀਕਾ ਛੱਡਣ ਵਾਲੇ ਲੋਕਾਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ, ਜਿਸ ਕਾਰਨ ਇਸਨੂੰ "ਡੋਨਾਲਡ ਡੈਸ਼" ਕਿਹਾ ਜਾ ਰਿਹਾ ਹੈ। ਹਾਲਾਂਕਿ, ਅਜਿਹਾ ਨਹੀਂ ਹੈ ਕਿ ਅਮਰੀਕੀ ਪਹਿਲਾਂ ਵਿਦੇਸ਼ਾਂ ਵਿੱਚ ਨਹੀਂ ਗਏ ਸਨ। ਦੂਰ-ਦੁਰਾਡੇ ਕੰਮਕਾਜ, ਵਧਦੀਆਂ ਰਹਿਣ-ਸਹਿਣ ਦੀਆਂ ਲਾਗਤਾਂ ਅਤੇ ਜੀਵਨ ਸ਼ੈਲੀ ਨੇ ਪਿਛਲੇ ਸਮੇਂ ਵਿੱਚ ਅਮਰੀਕਾ ਤੋਂ ਲੋਕਾਂ ਨੇ ਪ੍ਰਵਾਸ ਕੀਤਾ ਹੈ।ਵ੍ਹਾਈਟ ਹਾਊਸ ਦੇ ਇੱਕ ਬੁਲਾਰੇ ਨੇ ਕਿਹਾ ਕਿ ਅਮਰੀਕੀ ਅਰਥਵਿਵਸਥਾ ਦੂਜੇ ਵਿਕਸਤ ਦੇਸ਼ਾਂ ਨੂੰ ਪਛਾੜ ਰਹੀ ਹੈ, ਅਤੇ ਸਰਕਾਰ ਲੱਖਾਂ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਦੇਸ਼ ਨਿਕਾਲਾ ਦੇ ਰਹੀ ਹੈ। ਬਹੁਤ ਸਾਰੇ ਅਤਿ-ਉੱਚ ਜਾਇਦਾਦ ਵਾਲੇ ਵਿਦੇਸ਼ੀ ਵੀ ਨਿਸ਼ਾਨਾ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਅਮਰੀਕਾ ਵਿੱਚ ਵਸਣ ਲਈ ਗੋਲਡ ਕਾਰਡ ਲਈ $1 ਮਿਲੀਅਨ ਦਾ ਭੁਗਤਾਨ ਕਰ ਰਹੇ ਹਨ। ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਨੇ ਪਿਛਲੇ ਸਾਲ 6 ਲੱਖ 75 ਹਜ਼ਾਰ ਦੇਸ਼ ਨਿਕਾਲੇ ਅਤੇ 22 ਲੱਖ ਸਵੈ-ਦੇਸ਼ ਨਿਕਾਲੇ ਦੀ ਰਿਪੋਰਟ ਕੀਤੀ।ਅਮਰੀਕਾ ਆਉਣ ਵਾਲੇ ਵਿਦੇਸ਼ੀ ਵਿਦਿਆਰਥੀਆਂ ਦੀ ਗਿਣਤੀ ਵਿੱਚ ਵੀ ਵੱਡੀ ਗਿਰਾਵਟ ਆਈ ਹੈ। ਸਿੱਖਿਆ ਦੇ ਰੁਝਾਨ ਦਰਸਾਉਂਦੇ ਹਨ ਕਿ ਅਮਰੀਕਾ ਆਉਣ ਵਾਲੇ ਅੰਤਰਰਾਸ਼ਟਰੀ ਵਿਦਿਆਰਥੀਆਂ ਵਿੱਚ 17 ਪ੍ਰਤੀਸ਼ਤ ਦੀ ਗਿਰਾਵਟ ਆਈ ਹੈ। ਇਹ ਗਿਰਾਵਟ ਜਾਰੀ ਰਹਿਣ ਦੀ ਉਮੀਦ ਹੈ। ਅਮਰੀਕੀਆਂ ਵਿੱਚ ਯੂਰਪੀਅਨ ਯੂਨੀਵਰਸਿਟੀਆਂ ਵਿੱਚ ਦਾਖਲਾ ਲੈਣ ਦਾ ਰੁਝਾਨ ਵਧ ਰਿਹਾ ਹੈ। ਮਾਰਚ 2025 ਤੱਕ, 6,600 ਅਮਰੀਕੀਆਂ ਨੇ ਬ੍ਰਿਟਿਸ਼ ਨਾਗਰਿਕਤਾ ਲਈ ਅਰਜ਼ੀ ਦਿੱਤੀ ਸੀ। ਆਇਰਲੈਂਡ ਤੋਂ ਅਮਰੀਕੀਆਂ ਨੂੰ ਜਾਰੀ ਕੀਤੇ ਗਏ ਪਾਸਪੋਰਟ ਅਰਜ਼ੀਆਂ 2024 ਵਿੱਚ 31,825 ਤੋਂ ਵੱਧ ਕੇ 2025 ਵਿੱਚ 40,000 ਤੋਂ ਵੱਧ ਹੋ ਗਈਆਂ।ਵਾਲ ਸਟਰੀਟ ਜਰਨਲ ਦਾ ਦਾਅਵਾ ਹੈ ਕਿ ਅਮਰੀਕੀ ਨਾਗਰਿਕਤਾ ਤਿਆਗਣ ਵਾਲੇ ਲੋਕਾਂ ਦੀ ਗਿਣਤੀ ਵੀ ਵਧ ਰਹੀ ਹੈ। ਅਮਰੀਕੀ ਸਰਕਾਰ ਕੋਲ ਉਨ੍ਹਾਂ ਅਮਰੀਕੀਆਂ ਦਾ ਇੱਕ ਮਹੀਨਾ ਲੰਬਾ ਬੈਕਲਾਗ ਹੈ ਜੋ ਆਪਣੀ ਨਾਗਰਿਕਤਾ ਤਿਆਗਣਾ ਚਾਹੁੰਦੇ ਹਨ, ਜਾਂ ਤਾਂ ਵਿਦੇਸ਼ੀ ਪਾਸਪੋਰਟ ਪ੍ਰਾਪਤ ਕਰਨ ਲਈ ਜਾਂ ਆਪਣੀ ਵਿਦੇਸ਼ੀ ਆਮਦਨ 'ਤੇ ਟੈਕਸਾਂ ਤੋਂ ਬਚਣ ਲਈ। ਇਮੀਗ੍ਰੇਸ਼ਨ ਫਰਮ ਦਾ ਕਹਿਣਾ ਹੈ ਕਿ 2024 ਵਿੱਚ ਨਾਗਰਿਕਤਾ ਤਿਆਗਣ ਦੀਆਂ ਬੇਨਤੀਆਂ ਵਿੱਚ 48 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ ਅਤੇ 2025 ਵਿੱਚ ਹੋਰ ਵਧਣ ਦੀ ਉਮੀਦ ਹੈ।ਇਸ ਤਰ੍ਹਾਂ ਦਾ ਰੁਝਾਨ ਪਹਿਲਾਂ 1935 ਵਿੱਚ ਦੇਖਿਆ ਗਿਆ ਸੀ, ਜਦੋਂ ਸੰਯੁਕਤ ਰਾਜ ਅਮਰੀਕਾ ਛੱਡਣ ਵਾਲੇ ਲੋਕਾਂ ਦੀ ਗਿਣਤੀ ਵਿਦੇਸ਼ਾਂ ਤੋਂ ਆਉਣ ਵਾਲਿਆਂ ਨਾਲੋਂ ਕਿਤੇ ਜ਼ਿਆਦਾ ਸੀ। 1935 ਦੇ ਮਹਾਂਮੰਦੀ ਦੌਰਾਨ, ਬਹੁਤ ਸਾਰੇ ਅਮਰੀਕੀ ਕੰਮ ਦੀ ਭਾਲ ਵਿੱਚ ਸੋਵੀਅਤ ਯੂਨੀਅਨ ਚਲੇ ਗਏ। ਫਾਈਨੈਂਸ਼ੀਅਲ ਡੇਲੀ ਨੇ ਰਿਪੋਰਟ ਦਿੱਤੀ ਕਿ ਉਸ ਸਮੇਂ, ਸੰਯੁਕਤ ਰਾਜ ਅਮਰੀਕਾ ਸ਼ੁੱਧ ਇਮੀਗ੍ਰੇਸ਼ਨ ਵਾਲਾ ਦੇਸ਼ ਬਣ ਗਿਆ ਸੀ, ਜੋ ਕਿ ਆਬਾਦੀ ਦੇ ਅੰਕੜਿਆਂ ਵਿੱਚ ਵੀ ਝਲਕਦਾ ਹੈ।

## ਗੁਰਦਾਸਪੁਰ ਐਨਕਾਊਂਟਰ ਮਾਮਲਾ: ਰਣਜੀਤ ਸਿੰਘ ਦੇ ਪਰਿਵਾਰ ਨੇ ਅੰਤਿਮ ਸਸਕਾਰ ਤੋਂ ਕੀਤਾ ਇਨਕਾਰ: ਸੀਬੀਆਈ ਜਾਂਚ ਦੀ ਮੰਗ ਨੂੰ ਲੈ ਕੇ ਅੜੇ

ਗੁਰਦਾਸਪੁਰ
ਸਾਂਝੀ ਸੋਚ ਬਿਊਰੋ

ਗੁਰਦਾਸਪੁਰ ਵਿੱਚ ਪੁਲਿਸ ਮੁਕਾਬਲੇ ਦੌਰਾਨ ਮਾਰੇ ਗਏ 19 ਸਾਲਾ ਨੌਜਵਾਨ ਰਣਜੀਤ ਸਿੰਘ ਦੀ ਮੌਤ ਨੇ ਹੁਣ ਇੱਕ ਵੱਡਾ ਸਿਆਸੀ ਅਤੇ ਸਮਾਜਿਕ ਰੂਪ ਧਾਰਨ ਕਰ ਲਿਆ ਹੈ। ਰਣਜੀਤ ਸਿੰਘ ਦੇ ਪਰਿਵਾਰ ਨੇ ਉਸ ਦਾ ਅੰਤਿਮ ਸੰਸਕਾਰ ਕਰਨ ਤੋਂ ਸਾਫ਼ ਮਨਾ ਕਰ ਦਿੱਤਾ ਹੈ। ਪਰਿਵਾਰ ਦਾ ਕਹਿਣਾ ਹੈ ਕਿ ਜਦੋਂ ਤੱਕ ਇਸ ਕਥਿਤ ਐਨਕਾਊਂਟਰ ਦੀ ਜਾਂਚ ਕੇਂਦਰੀ ਬਿਊਰੋ ਆਫ ਇਨਵੈਸਟੀਗੇਸ਼ਨ ਨੂੰ ਨਹੀਂ ਸੌਂਪੀ ਜਾਂਦੀ, ਉਹ ਦੇਹ ਦਾ ਸਸਕਾਰ ਨਹੀਂ ਕਰਨਗੇ।ਪੰਜਾਬ ਪੁਲਿਸ ਨੇ ਬੁੱਧਵਾਰ ਨੂੰ ਇੱਕ ਕਾਰਵਾਈ ਦੌਰਾਨ ਰਣਜੀਤ ਸਿੰਘ ਨੂੰ ਗੋਲੀ ਮਾਰ ਦਿੱਤੀ ਸੀ। ਪੁਲਿਸ ਦਾ ਦਾਅਵਾ ਹੈ ਕਿ ਰਣਜੀਤ ਸਿੰਘ ਏ.ਐੱਸ.ਆਈ. ਗੁਰਨਾਮ ਸਿੰਘ ਅਤੇ ਹੋਮ ਗਾਰਡ ਅਸ਼ੋਕ ਕੁਮਾਰ ਦੇ ਕਤਲ ਦੇ ਮਾਮਲੇ ਵਿੱਚ ਸ਼ਾਮਲ ਸੀ ਅਤੇ ਇਹ ਮੌਤ ਇੱਕ ਮੁਕਾਬਲੇ ਦੌਰਾਨ ਹੋਈ ਹੈ। ਦੂਜੇ ਪਾਸੇ, ਪਰਿਵਾਰ ਨੇ ਪੁਲਿਸ ਦੀ ਇਸ ਕਹਾਣੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਦਾ ਇਲਜ਼ਾਮ ਹੈ ਕਿ ਇਹ ਮੁਕਾਬਲਾ ਫ਼ਰਜ਼ੀ ਹੋ ਸਕਦਾ ਹੈ ਅਤੇ ਸੱਚਾਈ ਸਾਹਮਣੇ ਲਿਆਉਣ ਲਈ ਇੱਕ ਸੁਤੰਤਰ ਜਾਂਚ ਦੀ ਲੋੜ ਹੈ।ਇਸ ਮਾਮਲੇ ਨੇ ਪੰਜਾਬ ਦੀ ਸਿਆਸਤ ਵਿੱਚ ਵੀ ਗਰਮਾਹਟ ਪੈਦਾ ਕਰ ਦਿੱਤੀ ਹੈ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਨਸਾਫ਼ ਅਤੇ ਪਾਰਦਰਸ਼ਤਾ ਲਈ ਇਸ ਮਾਮਲੇ ਦੀ ਸੀ.ਬੀ.ਆਈ. ਜਾਂਚ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਨਿਰਪੱਖ ਜਾਂਚ ਹੀ ਇਹ ਸਾਬਤ ਕਰ ਸਕਦੀ ਹੈ ਕਿ ਪੁਲਿਸ ਦੀ ਕਾਰਵਾਈ ਕਾਨੂੰਨੀ ਸੀ ਜਾਂ ਨਹੀਂ।ਇਸ ਦੇ ਨਾਲ ਹੀ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਵੀ ਇਸ ਘਟਨਾ ਦੀ ਸੁਤੰਤਰ ਅਤੇ ਸਮਾਂ-ਬੱਧ ਜਾਂਚ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਇਸ ਦੀ ਤਹਿ ਤੱਕ ਜਾਣਾ ਬੇਹੱਦ ਜ਼ਰੂਰੀ ਹੈ। ਫਿਲਹਾਲ ਇਲਾਕੇ ਵਿੱਚ ਤਣਾਅ ਬਣਿਆ ਹੋਇਆ ਹੈ ਅਤੇ ਪ੍ਰਸ਼ਾਸਨ ਪਰਿਵਾਰ ਨੂੰ ਮਨਾਉਣ ਦੀ ਕੋਸ਼ਿਸ਼ ਕਰ ਰਿਹਾ ਹੈ।

## ਬਠਿੰਡਾ ਪੁਲਿਸ ਵੱਲੋਂ ਨਜਾਇਜ ਪਿਸਤੌਲਾਂ ਦੀ ਢੇਰੀ ਸਮੇਤ ਸਰਪੰਚ ਗ੍ਰਿਫਤਾਰ

ਬਠਿੰਡਾ
ਅਸ਼ੋਕ ਵਰਮਾ



ਬਠਿੰਡਾ ਪੁਲਿਸ ਨੇ ਅੱਜ ਇੱਕ ਅਸਲਾ ਤਸਕਰ ਨੌਜਾਨ ਨੂੰ ਗ੍ਰਿਫਤਾਰ ਕਰਕੇ ਨੌ ਪਿਸਤੌਲ ਅਤੇ 2 ਖਾਲੀ ਮੈਗਜ਼ੀਨ ਬਰਾਮਦ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਗ੍ਰਿਫ਼ਤਾਰ ਕੀਤੇ ਗਏ ਨੌਜਵਾਨ ਦੀ ਪਛਾਣ ਬਠਿੰਡਾ ਪੁਲਿਸ ਵੱਲੋਂ ਨਜਾਇਜ ਪਿਸਤੌਲਾਂ ਦੀ ਢੇਰੀ ਸਮੇਤ ਸਰਪੰਚ ਗ੍ਰਿਫਤਾਰ ਸਿੰਘ ਉਰਫ ਸਰਪੰਚ ਪੁੱਤਰ ਹਰਦੀਪ ਸਿੰਘ ਵਜੋਂ ਹੋਈ ਹੈ, ਜੋ ਕਿ ਪਿੰਡ ਰਾਜਗੜ੍ਹ ਕੁੱਬੇ ਤਹਿਸੀਲ, ਮੌੜ ਦਾ ਰਹਿਣ ਵਾਲਾ ਹੈ। ਪੁਲਿਸ ਅਨੁਸਾਰ ਉਹ ਸੋਸ਼ਲ ਮੀਡੀਆ 'ਤੇ ਹਥਿਆਰਾਂ ਦਾ ਪ੍ਰਚਾਰ ਕਰਦਾ ਸੀ। ਇਸ ਦੌਰਾਨ, ਉਸਨੂੰ ਇੱਕ ਵਿਦੇਸ਼ੀ ਨੰਬਰ ਤੋਂ ਇੱਕ ਵਟਸਐਪ ਕਾਲ ਆਈ ਜਿਸ ਵਿੱਚ ਉਸਨੂੰ ਹਥਿਆਰ ਪਹੁੰਚਾਉਣ ਲਈ 50 ਹਜ਼ਾਰ ਰੁਪਏ ਦੀ ਪੇਸ਼ਕਸ਼ ਕੀਤੀ ਗਈ ਸੀ।

ਡੀਐਸਪੀ ਸਿਟੀ 2 ਸੰਦੀਪ ਸਿੰਘ ਭਾਟੀ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਕੁਲਵਿੰਦਰ ਸਿੰਘ ਨੂੰ ਗੁਪਤ ਸੂਚਨਾ ਮਿਲੀ ਸੀ । ਸੂਚਨਾ ਦੇਣ ਵਾਲੇ ਨੇ ਜਾਣਕਾਰੀ ਦਿੱਤੀ ਕਿ ਕੈਂਟ ਰੋਡ ਰਿੰਗ ਰੋਡ ਤੇ ਇੱਕ ਨੌਜਵਾਨ ਜਾ ਰਿਹਾ ਹੈ ਜਿਸ ਕੋਲ ਨਜਾਇਜ ਅਸਲਾ ਹੋਣ ਦਾ ਸ਼ੱਕ ਹੈ। ਸਹਾਇਕ ਥਾਣੇਦਾਰ ਕੁਲਵਿੰਦਰ ਸਿੰਘ ਨੇ ਸ਼ੱਕ ਦੇ ਅਧਾਰ 'ਤੇ ਤਲਾਸ਼ੀ ਲਈ ਤਾਂ ਉਸ ਦੇ ਪਿੱਠੂ ਬੈਗ ਚੋਂ 9 ਪਿਸਤੌਲ ਬਰਾਮਦ ਹੋਏ ਹਨ। ਡੀਐਸਪੀ ਨੇ ਦੱਸਿਆ ਕਿ ਇਹ ਪਿਸਤੌਲ ਉਸ ਨੇ ਕਿਸੇ ਅਣਪਛਾਤੇ ਵਿਅਕਤੀ ਨੂੰ ਸੌਂਪਣੇ ਸਨ ਜਿਸ ਸਬੰਧੀ ਉਸ ਨੂੰ ਅਜੇ ਤੱਕ ਹਦਾਇਤਾਂ ਪ੍ਰਾਪਤ ਨਹੀਂ ਹੋਈਆਂ ਸਨ। ਉਨ੍ਹਾਂ ਦੱਸਿਆ ਕਿ ਮੁਲਜਮ ਦਾ ਰਿਮਾਂਡ ਹਾਸਲ ਕਰਕੇ ਪੁਲਿਸ ਡੂੰਘਾਈ ਨਾਲ ਪੜਤਾਲ ਕਰੇਗੀ ਜਿਸ ਦੌਰਾਨ ਅਹਿਮ ਖੁਲਾਸਿਆਂ ਦੀ ਸੰਭਾਵਨਾ ਹੈ।

## ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਹਲਕਾ ਵਿਧਾਇਕ ਦੀ ਕੋਠੀ ਦਾ ਘਿਰਾਓ 28 ਫਰਵਰੀ ਨੂੰ

ਬਠਿੰਡਾ
ਅਸ਼ੋਕ ਵਰਮਾ

ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਆਪਣੀਆਂ ਲੰਬੇ ਸਮੇਂ ਤੋਂ ਚੱਲੀਆਂ ਚੱਲੀਆਂ ਆ ਰਹੀਆਂ ਹੱਕੀ ਅਤੇ ਜਾਇਜ਼ ਮੰਗਾਂ ਲਈ 28 ਫਰਵਰੀ ਨੂੰ ਹਲਕਾ ਵਿਧਾਇਕ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਸੋਮਾ ਰਾਣੀ ਅਤੇ ਜ਼ਿਲਾ ਜਨਰਲ ਸਕੱਤਰ ਜਸਵੀਰ ਕੌਰ ਬਠਿੰਡਾ ਨੇ ਕਿਹਾ ਹੈ ਕਿ ਜੇਕਰ ਸਰਕਾਰ ਵੱਲੋਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਜਾਇਜ ਮੰਗਾਂ ਨੂੰ ਤੁਰੰਤ ਪੂਰਾ ਨਾ ਕੀਤਾ ਗਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ 28 ਫਰਵਰੀ ਨੂੰ ਵੱਡੀ ਗਿਣਤੀ ਵਿੱਚ ਵਰਕਰ ਹੈਲਪਰ ਸ਼ਾਮਿਲ ਹੋਣਗੀਆਂ ਅਤੇ ਸ਼ਾਂਤੀ ਪੂਰਵਕ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕਰਨਗੇ।ਉਹਨਾਂ ਕਿਹਾ ਕਿ ਜੇਕਰ ਮੰਗਾਂ ਤੇ ਗੌਰ ਨਾ ਕੀਤੀ ਤਾਂ 8 ਮਾਰਚ ਮਹਿਲਾ ਦਿਵਸ ਵਾਲੇ ਦਿਨ ਕੈਬਿਨਟ ਮੰਤਰੀ ਦੀ ਕੋਠੀ ਦਾ ਘਿਰਾਓ ਫਰੀਦਕੋਟ ਵਿਖੇ ਕੀਤਾ ਜਾਵੇਗਾ ਇਹ ਮੌਕੇ ਹੈਲਪਰਾ ਵਰਕਰਾਂ ਤੋਂ ਇਲਾਵਾ ਸੁਖਦੇਵ ਕੌਰ, ਗੁਰਚਰਨ ਕੌਰ, ਹਰਬੰਸ ਕੌਰ, ਬਨਾਰਸੀ ਦੇਵੀ ਅਤੇ ਵੀਰਪਾਲ ਕੌਰ ਸ਼ਾਮਿਲ ਹੋਏ।

Space available for Ad
Contact # +1 (209) 303-1260

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ


## To honor the legacy and vision of

## First Founder of Pacific Coast Khalsa Diwan Society Stockton Ca 1912

# ਮਹਾਨ ਗੁਰਮਤਿ ਸਮਾਗਮ



Pacific Coast Khalsa Diwan Society
EST 1912
Gurudwara Sahib Stockton, CA



**March 13, 14 & 15**

ਸੰਤ ਤੇਜਾ ਸਿੰਘ ਜੀ

ਸੰਤ ਅਤਰ ਸਿੰਘ ਮਸਤੂਆਣਾ( ਸੰਗਰੂਰ)

**ਗਦਰੀ ਬਾਬਿਆਂ ਦੇ ਇਤਿਹਾਸਕ ਅਸਥਾਨ, ਗੁਰਦੁਆਰਾ ਸਾਹਿਬ ਸਟਾਕਟਨ ਦੇ ਸੰਸਥਾਪਕ ਸੰਤ ਤੇਜਾ ਸਿੰਘ ਜੀ ਅਤੇ ਅਤੇ ਸੰਤ ਅਤਰ ਸਿੰਘ ਜੀ ਮਸਤੂਆਣੇ ਵਾਲੇ ਦੀ ਨਿੱਘੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ 13 ,14 ਅਤੇ 15 ਨੂੰ ਗੁਰਦੁਆਰਾ ਸਾਹਿਬ ਸਟਾਕਟਨ ਵਿਖੇ ਹੋਵੇਗਾ ਜੀ। ਆਪ ਜੀ ਸਮੂਹ ਸੰਗਤ ਨੂੰ ਬੇਨਤੀ ਹੈ ਕਿ ਹੁੰਮ-ਹਮਾ ਕੇ ਪਹੁੰਚਣ ਦੀ ਕਿਰਪਾਲਤਾ ਕਰਨੀ। ਐਤਵਾਰ 15 ਮਾਰਚ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਕਥਾ ਕੀਰਤਨ ਦੇ ਦੀਵਾਨ ਸਜਾਏ ਜਾਣਗੇ।**

**ਸਮੂਹ ਸੰਗਰੂਰ ਇਲਾਕੇ ਦੀਆਂ ਸੰਗਤਾਂ ਨੂੰ ਪਹੁੰਚਣ ਦੀ ਪੁਰਜ਼ੋਰ ਬੇਨਤੀ ਹੈ ਜੀ।**

ਬੇਨਤੀ ਕਰਤਾ: ਪ੍ਰਬੰਧਕ ਕਮੇਟੀ ਗੁਰਦੁਆਰਾ ਸਾਹਿਬ ਸਟਾਕਟਨ ਅਤੇ ਸਮੁੱਚੀ ਸੰਗਤ ਸੰਗਰੂਰ ਇਲਾਕਾ

ਵਧੇਰੇ ਜਾਣਕਾਰੀ ਲਈ
ਗਿਆਨੀ ਗੁਰਸੇਵਕ ਸਿੰਘ ਜੀ, ਹੈੱਡ ਗ੍ਰੰਥੀ
ਗੁਰਦੁਆਰਾ ਸਾਹਿਬ ਸਟਾਕਟਨ
+1 (209) 328-9321


Idiot Club
The Beginning of Intelligence
Presents
DM
Premium Quality
JASPAL BHATTI
AWARDS
Organizers
Dr.Rajinder Rikhi
President
Dhwani Mehra
Sr.Vice President
81463-20009
AWARDEES FOR 14TH JASPAL BHATTI
B.N Sharma
Monika Malik
Jazim Sharma
Shekharr
Deepak Maini
Parmod Sharma Rana
Rajan Sharma
Dr.K.S Paras
Amandeep Kaur
Dr.Vijay Garg
Special Guest
Special Thanks
Shammi Choudhary
Patron
Rtn.Dalbir Singh Makkar
Date : 1st March 2026
Time : 4:30 pm onwards
Venue : Ishmeet Singh Music Institute
Rajguru Nagar, Ludhiana
Saraswati
Jyotish Centre
Sarain Road Jandiala Guru
Amritsar
Dr.K.S Paras
9876986666
Bablu Sweets
Bakers & Restaurant
G.T. Road
Rayya Mandi
98786-01699, 98887-81138
BAT MEDIA
UFFA
United Front For All
SANJHI SOCH
Rising Sun
Bharatgas
COOK FOOD. SERVE LOVE.
ਗੁੱਡੀ ਦੀ ਹੱਟੀ
ਹਰਪ੍ਰੀਤ ਚਾਵਲਾ
Mobile: 95365-00814
NORTHWOOD VILLAGE
ZOOM





RE/MAX EXECUTIVE

ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

**Kirandeep Kaur**

Realtor ®

CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਪੰਜ ਰੋਜ਼ਾ ਸ਼੍ਰੀ ਰਾਮ ਕਥਾ ਦੇ ਸਬੰਧ ਵਿੱਚ ਸੰਧਿਆ ਫੇਰੀ ਦੀ ਲੜੀ ਜਾਰੀ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ



ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ 18 ਤੋਂ 22 ਮਾਰਚ ਤੱਕ ਆਈ.ਟੀ.ਆਈ ਮਹਿਲਾ ਗਰਾਊਂਡ, ਬੇਰੀ ਗੇਟ ਵਿਖੇ ਕਰਵਾਈ ਜਾ ਰਹੀ ਪੰਜ ਰੋਜ਼ਾ ਸ਼੍ਰੀ ਰਾਮ ਕਥਾ ਦੇ ਸਬੰਧ ਵਿੱਚ ਸੰਧਿਆ ਫੇਰੀ ਦੀ ਲੜੀ ਜਾਰੀ ਹੈ। ਅੱਜ ਤੀਸਰੀ ਸੰਧਿਆ ਫੇਰੀ ਬੇਰੀ ਗੇਟ ਨੇੜੇ ਸਥਿਤ ਸ਼੍ਰੀ ਰਾਧਾ ਵੱਲਭ ਮੰਦਰ ਤੋਂ ਸ਼ੁਰੂ ਹੋਈ।ਇਸ ਦੀ ਸ਼ੁਰੂਆਤ ਸਵਾਮੀ ਰੰਜੀਤਾਨੰਦ, ਸਾਧਵੀ ਨੀਰਜਾ ਭਾਰਤੀ, ਸਾਧਵੀ ਕ੍ਰਿਸ਼ਨਪ੍ਰੀਤਾ ਭਾਰਤੀ, ਸਾਧਵੀ ਰਾਜਵਿੰਦਰ ਭਾਰਤੀ, ਸਵਿੰਦਰ ਬਬਲਾ, ਜਗਦੀਸ਼ ਮਹਿਰਾ (ਰਾਧਾ ਵੱਲਭ ਮੰਦਰ ਦੇ ਪ੍ਰਧਾਨ), ਰਾਜੇਸ਼, ਰਿਸ਼ੀ ਮਹਿਰਾ, ਅਸ਼ੋਕ, ਵਿਜੇ ਭਾਟੀਆ, ਮਲਿਕ ਕੁਮਾਰ ਚੇਲੰਕਰ, ਰਾਉਸ਼ ਕੁਮਾਰ, ਚੇਲੰਕ ਕੁਮਾਰ ਨੇ ਨਾਰੀਅਲ ਤੋੜ ਕੇ ਕੀਤੀ। ਸੰਜੇ ਮਲਿਕ, ਮਹੇਸ਼ ਖੰਨਾ (ਕਾਂਗਰਸ ਆਗੂ), ਮਯੰਕ, ਰਾਜੀਵ, ਨਿਤਨ, ਅਸ਼ਵਨੀ, ਅਵਿਨਾਸ਼, ਅਤੇ ਐਨ.ਡੀ. ਦਿਆਲ (ਸ਼ਿਵਾਲਾ ਗੰਗਾ ਰਾਮ ਮੰਦਰ ਦੇ ਪ੍ਰਧਾਨ)। ਫੇਰੀ ਵਿੱਚ ਭਾਗ ਲੈਣ ਵਾਲੇ ਸ਼ਰਧਾਲੂਆਂ ਨੇ "ਮੈਂ ਰਾਮ ਨਾਮ ਕਾ ਬੰਜਾਰਾ" (ਮੈਂ ਰਾਮ ਦੇ ਨਾਮ ਦਾ ਬੰਜਾਰਾ ਹਾਂ) ਦਾ ਭਜਨ ਗਾਇਆ। ਇਸ ਫੇਰੀ ਦੌਰਾਨ, ਇਲਾਕਾ ਨਿਵਾਸੀਆਂ ਨੂੰ ਕਥਾ ਦੇ ਸਥਾਨ ਅਤੇ ਸਮੇਂ ਬਾਰੇ ਜਾਣਕਾਰੀ ਦਿੱਤੀ ਗਈ। ਪ੍ਰਭੂ ਦੀ ਯਾਦ ਵਿੱਚ ਲੀਨ ਹੋਏ ਸ਼ਰਧਾਲੂ ਲੋਕਾਂ ਨੂੰ ਧਰਮ, ਮਾਣ ਅਤੇ ਨੈਤਿਕਤਾ ਦਾ ਸੰਦੇਸ਼ ਦਿੰਦੇ ਰਹੇ, ਜਿਸ ਕਾਰਨ ਪੂਰਾ ਮਾਹੌਲ ਸ਼ਰਧਾ ਅਤੇ ਸਕਾਰਾਤਮਕ ਚੇਤਨਾ ਨਾਲ ਭਰ ਗਿਆ। ਇਹ ਫੇਰੀ ਹਿੰਦੂ ਸਭਾ ਕਾਲਜ ਨੇੜੇ ਗੰਗਾ ਰਾਮ ਸ਼ਿਵਾਲਾ ਵਿਖੇ ਪ੍ਰਭੂ ਦੀ ਪਵਿੱਤਰ ਆਰਤੀ ਨਾਲ ਸਮਾਪਤ ਹੋਈ। ਸੰਧਿਆ ਫੇਰੀ ਵਿੱਚ ਸ਼ਰਧਾਲੂਆਂ ਨੇ ਭਜਨਾਂ 'ਤੇ ਨੱਚ ਕੇ ਇਲਾਕੇ ਦੇ ਲੋਕਾਂ ਨੂੰ ਸੰਦੇਸ਼ ਦਿੱਤਾ, ਜਿਸਨੂੰ ਇਲਾਕੇ ਦੇ ਲੋਕਾਂ ਨੇ ਬਹੁਤ ਪਿਆਰ ਨਾਲ ਸਵੀਕਾਰ ਕੀਤਾ ਅਤੇ ਪ੍ਰਭੂ ਦੇ ਚਰਨਾਂ ਵਿੱਚ ਆਪਣੀ ਹਾਜ਼ਰੀ ਦਰਜ ਕਰਵਾਈ।

# ਹਰਪਾਲ ਚੀਮਾ, ਅਮਨ ਅਰੋੜਾ, ਹਰਦੀਪ ਮੁੰਡੀਆਂ ਅਤੇ ਹਰਜੋਤ ਬੈਂਸ ਨੇ ਵਰਕਰਾਂ ਨਾਲ ਮਿਲ ਕੇ 'ਸੱਚ ਦੀ ਜਿੱਤ' ਦਾ ਮਨਾਇਆ ਜਸ਼ਨ



ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਕਥਿਤ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ ਸ਼ੁੱਕਰਵਾਰ ਨੂੰ ਅਦਾਲਤ ਵੱਲੋਂ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਹੋਰਾਂ ਨੂੰ ਬਰੀ ਕਰਨ ਦੇ ਫੈਸਲੇ ਤੋਂ ਬਾਅਦ, ਆਮ ਆਦਮੀ ਪਾਰਟੀ ਦੀ ਪੰਜਾਬ ਇਕਾਈ ਨੇ ਚੰਡੀਗੜ੍ਹ ਸਥਿਤ ਪਾਰਟੀ ਦਫਤਰ ਵਿਖੇ ਬੜੇ ਉਤਸ਼ਾਹ ਨਾਲ ਇਸ ਫੈਸਲੇ ਦਾ ਜਸ਼ਨ ਮਨਾਇਆ।ਜਸ਼ਨਾਂ ਦੌਰਾਨ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੇ ਢੋਲ ਦੀ ਥਾਪ 'ਤੇ ਭੰਗੜਾ ਪਾਇਆ ਅਤੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ। ਉਨ੍ਹਾਂ ਨੇ ਇਸ ਫੈਸਲੇ ਨੂੰ "ਸੱਚ ਅਤੇ ਇਮਾਨਦਾਰ ਰਾਜਨੀਤੀ ਦੀ ਜਿੱਤ" ਕਰਾਰ ਦਿੱਤਾ। ਇਸ ਮੌਕੇ ਸੀਨੀਅਰ ਆਗੂਆਂ ਵਿੱਚ ਹਰਪਾਲ ਸਿੰਘ ਚੀਮਾ, ਅਮਨ ਅਰੋੜਾ, ਹਰਦੀਪ ਸਿੰਘ ਮੁੰਡੀਆਂ ਅਤੇ ਹਰਜੋਤ ਬੈਂਸ ਦੇ ਨਾਲ ਸੈਂਕੜੇ ਪਾਰਟੀ ਵਰਕਰ ਮੌਜੂਦ ਸਨ।ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਅਦਾਲਤ ਦੇ ਫੈਸਲੇ ਨੇ ਨਿਆਂਪਾਲਿਕਾ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਹੋਰ ਮਜ਼ਬੂਤ ਕੀਤਾ ਹੈ ਅਤੇ 'ਆਪ' ਦੀ ਚੋਟੀ ਦੀ ਲੀਡਰਸ਼ਿਪ ਵਿਰੁੱਧ ਰਾਜਨੀਤੀ ਤੋਂ ਪ੍ਰੇਰਿਤ ਇਲਜ਼ਾਮਾਂ ਦਾ ਪਰਦਾਫਾਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਪਾਰਟੀ ਦਾ ਸਿੱਖਿਆ, ਸਿਹਤ ਅਤੇ ਲੋਕ ਭਲਾਈ ਲਈ ਹੋਰ ਵੀ ਦ੍ਰਿੜਤਾ ਨਾਲ ਕੰਮ ਕਰਨ ਦਾ ਸੰਕਲਪ ਮਜ਼ਬੂਤ ਹੋਇਆ ਹੈ।ਪਾਰਟੀ ਵਰਕਰਾਂ ਨੇ ਖੁਸ਼ੀ ਅਤੇ ਸ਼ੁਕਰਾਨਾ ਪ੍ਰਗਟ ਕਰਦਿਆਂ ਇਸ ਫੈਸਲੇ ਨੂੰ ਨਾ ਸਿਰਫ 'ਆਪ' ਲਈ ਸਗੋਂ ਲੋਕਤੰਤਰ ਲਈ ਮਾਣ ਵਾਲੀ ਗੱਲ ਦੱਸਿਆ।

# ਵਿਜੀਲੈਂਸ ਬਿਊਰੋ ਨੇ ਪਟਵਾਰੀ ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕੀਤਾ ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਜ਼ਿਲ੍ਹਾ ਬਠਿੰਡਾ ਦੇ ਕੋਟ ਸ਼ਮੀਰ ਦੇ ਮਾਲ ਦਫ਼ਤਰ ਵਿਖੇ ਤਾਇਨਾਤ ਪਟਵਾਰੀ ਮਨਜੋਤ ਸਿੰਘ ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਕੋਟ ਸ਼ਮੀਰ, ਜ਼ਿਲ੍ਹਾ ਬਠਿੰਡਾ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਆਪਣੇ ਰਿਸ਼ਤੇਦਾਰ ਦੀ ਜੱਦੀ ਜਾਇਦਾਦ ਦੇ ਇੰਤਕਾਲ ਲਈ ਦੋਸ਼ੀ ਪਟਵਾਰੀ ਨੂੰ ਮਿਲਿਆ ਸੀ। ਇਸ ਸਬੰਧੀ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਦੋਸ਼ੀ ਪਟਵਾਰੀ ਨੇ ਉਸਦੇ ਰਿਸ਼ਤੇਦਾਰ ਦੀ ਜਾਇਦਾਦ ਦੇ ਇੰਤਕਾਲ ਕਰਨ ਬਦਲੇ 10,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਸਾਰੀ ਗੱਲਬਾਤ ਰਿਕਾਰਡ ਕਰ ਲਈ। ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ ਇਸ ਲਈ ਉਸਨੇ ਪੰਜਾਬ ਵਿਜੀਲੈਂਸ ਬਿਊਰੋ ਰੇਂਜ, ਬਠਿੰਡਾ ਨਾਲ ਸੰਪਰਕ ਕੀਤਾ ਅਤੇ ਸ਼ਿਕਾਇਤ ਦਰਜ ਕਰਵਾਈ। ਸ਼ਿਕਾਇਤ 'ਤੇ ਕਾਰਵਾਈ ਕਰਦਿਆਂ, ਵਿਜੀਲੈਂਸ ਬਿਊਰੋ ਨੇ ਇੱਕ ਜਾਲ ਵਿਛਾਇਆ, ਜਿਸ ਦੌਰਾਨ ਦੋਸ਼ੀ ਪਟਵਾਰੀ ਨੂੰ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।ਇਸ ਸਬੰਧੀ, ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਕੀਮਤੀ ਭਗਤ ਨੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਦਾ ਅਹੁਦਾ ਸੰਭਾਲਿਆ

ਕੋਲੰਬੀਆ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਨਿਯੁਕਤ ਕੀਤੇ ਗਏ ਪੰਜਾਬ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਕੀਮਤੀ ਭਗਤ ਨੇ ਅੱਜ ਕੈਬਨਿਟ ਮੰਤਰੀ ਮੋਹਿੰਦਰ ਭਗਤ ਦੀ ਹਾਜ਼ਰੀ ਵਿੱਚ ਆਪਣਾ ਅਹੁਦਾ ਸੰਭਾਲ ਲਿਆ।ਇਸ ਮੌਕੇ ਕੀਮਤੀ ਭਗਤ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਸਮਰਥਕ, ਸਾਧੂ-ਸੰਤ ਅਤੇ ਗਊਸ਼ਾਲਾਵਾਂ ਦੇ ਪ੍ਰਬੰਧਕ ਹਾਜ਼ਰ ਸਨ। ਭਗਤ ਨੇ ਅਹੁਦਾ ਸੰਭਾਲਣ ਮੌਕੇ ਕਿਹਾ ਕਿ ਉਹ ਪੰਜਾਬ ਰਾਜ ਵਿੱਚ ਬੇਸਹਾਰਾ ਗਊ ਮਾਤਾ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਉਹ ਬੇਸਹਾਰਾ ਪਸ਼ੂਆਂ ਕਾਰਨ ਹੋ ਰਹੇ ਜਾਨੀ-ਮਾਲੀ ਨੁਕਸਾਨ ਨੂੰ ਰੋਕਣ ਲਈ ਵੀ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਜ਼ ਅਤੇ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਕੋਸ਼ਿਸ਼ ਕਰਨਗੇ ਕਿ ਇਨ੍ਹਾਂ ਬੇਸਹਾਰਾ ਪਸ਼ੂਆਂ ਨੂੰ ਵੀ ਗਊਸ਼ਾਲਾਵਾਂ ਵਿੱਚ ਰੱਖਿਆ ਜਾ ਸਕੇ।ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਗਊ ਸੇਵਾ ਕਮਿਸ਼ਨ ਦੇ ਨਵ-ਨਿਯੁਕਤ ਵਾਈਸ ਚੇਅਰਮੈਨ ਕੀਮਤੀ ਭਗਤ ਨੂੰ ਮੁਬਾਰਕਬਾਦ ਦਿੱਤੀ ਅਤੇ ਆਸ ਪ੍ਰਗਟਾਈ ਕਿ ਉਹ ਸੂਬੇ ਵਿੱਚ ਬੇਸਹਾਰਾ ਗਊਆਂ ਦੀ ਸੇਵਾ ਨੂੰ ਯਕੀਨੀ ਬਣਾਉਣਗੇ।ਇਸ ਮੌਕੇ ਬਲਜਿੰਦਰ ਸਿੰਘ ਬੰਟੀ ਵਾਈਸ ਚੇਅਰਮੈਨ ਜੰਗਲਾਤ ਵਿਭਾਗ, ਮਹੰਤ ਰਵੀ ਕਾਂਤ, ਚੇਅਰਮੈਨ ਹਿੰਦੂ ਵੈਲਫੇਅਰ ਬੋਰਡ, ਸਤੀਸ਼ ਕੁਮਾਰ ਰਾਸ਼ਟਰੀ ਪ੍ਰਧਾਨ ਗਊ ਰੱਖਿਆ ਦਲ, ਅੰਮ੍ਰਿਤ ਭਗਤ, ਪ੍ਰਧਾਨ ਸਤਿਗੁਰੂ ਕਬੀਰ ਸੈਨਾ ਪੰਜਾਬ, ਰਮੇਸ਼ ਭਗਤ, ਗਊ ਸੇਵਾ ਕਮਿਸ਼ਨ ਦੇ ਸੀ.ਈ.ਓ ਡਾ.ਰਾਜੇਸ਼ ਨਾਰੰਗ, ਡਿਪਟੀ ਸੀ.ਈ.ਓ ਡਾ. ਪ੍ਰੀਤੀ ਸਿੰਘ, ਪਸ਼ੂ ਪਾਲਣ ਵਿਭਾਗ ਦੇ ਜਾਇੰਟ ਡਾਇਰੈਕਟਰ ਡਾ. ਸ਼ਾਮ ਸਿੰਘ ਤੇ ਵੈਟਨਰੀ ਅਫ਼ਸਰ ਡਾ.ਉਜਵਲ ਗੁਪਤਾ ਹਾਜ਼ਰ ਸਨ।



GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ AMERICA ਵਿੱਚ BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ


**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


Pal Films
Production
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਸ਼ਰਾਬ ਘੁਟਾਲਾ ਕੇਸ ਹੋਇਆ ਫੇਲ੍ਹ: ਅਦਾਲਤ ਨੇ ਕੇਜਰੀਵਾਲ ਅਤੇ 'ਆਪ' ਆਗੂਆਂ ਨੂੰ ਕੀਤਾ ਬਰੀ, ਭਾਜਪਾ ਦੀ ਸਿਆਸੀ ਸਾਜ਼ਿਸ਼ ਦਾ ਹੋਇਆ ਪਰਦਾਫਾਸ਼

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕਥਿਤ ਦਿੱਲੀ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਮਨੀਸ਼ ਸਿਸੋਦੀਆ, ਸੰਜੇ ਸਿੰਘ, ਦੁਰਗੇਸ਼ ਪਾਠਕ, ਸਤਿੰਦਰ ਜੈਨ ਅਤੇ ਹੋਰਨਾਂ ਦੇ ਬਰੀ ਹੋਣ ਨਾਲ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਸਿਆਸੀ ਹਿੱਤਾਂ ਤੋਂ ਪ੍ਰੇਰਿਤ ਸਾਜ਼ਿਸ਼ ਪੂਰੀ ਤਰ੍ਹਾਂ ਬੇਨਕਾਬ ਹੋ ਗਈ ਹੈ।ਸ਼ਰਾਬ ਘੁਟਾਲੇ ਦੇ ਕੇਸ ਵਿੱਚ ਦਿੱਲੀ ਦੀ ਅਦਾਲਤ ਵੱਲੋਂ ਉਨ੍ਹਾਂ ਨੂੰ ਕਲੀਨ ਚਿੱਟ ਦਿੱਤੇ ਜਾਣ ਦੇ ਫੈਸਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਚੀਮਾ ਨੇ ਕਿਹਾ ਕਿ ਇਸ ਫੈਸਲੇ ਨੇ ਪੂਰੇ ਦੇਸ਼ ਦੇ ਸਾਹਮਣੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਇਹ ਕੇਸ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਕੇ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਨੂੰ ਬਦਨਾਮ ਕਰਨ ਅਤੇ ਸਿਆਸੀ ਤੌਰ 'ਤੇ ਖ਼ਤਮ ਕਰਨ ਦੀ ਕੋਸ਼ਿਸ਼ ਵਜੋਂ ਘੜਿਆ ਗਿਆ ਸੀ।ਚੀਮਾ ਨੇ ਕਿਹਾ ਕਿ ਜੱਜ ਦਾ ਫੈਸਲਾ ਆਪਣੇ ਆਪ ਵਿੱਚ ਉਸ ਸਾਜ਼ਿਸ਼ ਦੀ ਹੱਦ ਨੂੰ ਉਜਾਗਰ ਕਰਦਾ ਹੈ ਜੋ ਭਾਜਪਾ ਨੇ ਆਮ ਆਦਮੀ ਪਾਰਟੀ ਵਿਰੁੱਧ ਰਚੀ ਸੀ। ਕੇਂਦਰੀ ਜਾਂਚ ਬਿਊਰੋ (ਸੀਬੀਆਈ) ਅਤੇ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੀ ਦੁਰਵਰਤੋਂ ਰਾਹੀਂ 'ਆਪ' ਦੀ ਇਮਾਨਦਾਰੀ 'ਤੇ ਸਵਾਲੀਆ ਨਿਸ਼ਾਨ ਲਗਾਉਣ ਦੀ ਕੋਸ਼ਿਸ਼ ਕੀਤੀ ਗਈ। ਅੱਜ ਦੇਸ਼ ਦੇ ਲੋਕਾਂ ਦੇ ਸਾਹਮਣੇ ਇਹ ਸਾਫ਼ ਹੋ ਗਿਆ ਹੈ ਕਿ ਕਿਵੇਂ ਇਨ੍ਹਾਂ ਏਜੰਸੀਆਂ ਦੀ ਸਿਆਸੀ ਹਿੱਤਾਂ ਲਈ ਦੁਰਵਰਤੋਂ ਕੀਤੀ ਗਈ ਸੀ।ਉਨ੍ਹਾਂ ਯਾਦ ਦਿਵਾਇਆ ਕਿ 'ਆਪ' ਦਾ ਜਨਮ ਭ੍ਰਿਸ਼ਟਾਚਾਰ ਵਿਰੁੱਧ ਦੇਸ਼ ਵਿਆਪੀ ਅੰਦੋਲਨ ਵਿੱਚੋਂ ਹੋਇਆ ਸੀ ਅਤੇ ਇਸ ਦੀ ਸਥਾਪਨਾ ਉਨ੍ਹਾਂ ਆਗੂਆਂ ਵੱਲੋਂ ਕੀਤੀ ਗਈ ਸੀ ਜਿਨ੍ਹਾਂ ਨੇ ਆਪਣਾ ਜੀਵਨ ਸਾਫ਼-ਸੁਥਰੀ ਰਾਜਨੀਤੀ ਲਈ ਸਮਰਪਿਤ ਕਰ ਦਿੱਤਾ। ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਸੰਜੇ ਸਿੰਘ, ਦੁਰਗੇਸ਼ ਪਾਠਕ, ਸਤਿੰਦਰ ਜੈਨ, ਇਹ ਉਹ ਆਗੂ ਹਨ ਜਿਨ੍ਹਾਂ ਨੇ ਆਮ ਆਦਮੀ ਪਾਰਟੀ ਦੀ ਨੀਂਹ ਰੱਖੀ ਅਤੇ ਇਸ ਦਾ ਦੇਸ਼ ਭਰ ਵਿੱਚ ਵਿਸਥਾਰ ਕੀਤਾ। ਅੱਜ ਉਨ੍ਹਾਂ ਦੀ ਵਚਨਬੱਧਤਾ ਅਤੇ ਕੁਰਬਾਨੀ ਸਦਕਾ ਹੀ ਅਸੀਂ



ਕਈ ਰਾਜਾਂ ਵਿੱਚ ਸਰਕਾਰ ਅਤੇ ਵਿਰੋਧੀ ਧਿਰ ਵਿੱਚ ਹਾਂ।ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਫੈਸਲਾ ਬੀ.ਆਰ. ਅੰਬੇਡਕਰ ਦੁਆਰਾ ਤਿਆਰ ਕੀਤੇ ਗਏ ਸੰਵਿਧਾਨ ਦੀ ਵੀ ਜਿੱਤ ਹੈ।

ਡਾ. ਬੀਆਰ ਅੰਬੇਡਕਰ, ਜੋ ਗਰੀਬੀ ਵਿੱਚੋਂ ਉੱਠ ਕੇ ਭਾਰਤ ਦਾ ਸੰਵਿਧਾਨ ਬਣਾਉਣ ਤੱਕ ਪਹੁੰਚੇ, ਉਨ੍ਹਾਂ ਨੇ ਹਰ ਨਾਗਰਿਕ ਲਈ ਸਮਾਨਤਾ, ਨਿੱਜੀ ਆਜ਼ਾਦੀ ਦੀ ਸੁਰੱਖਿਆ ਅਤੇ ਮੌਲਿਕ ਅਧਿਕਾਰਾਂ ਨੂੰ ਯਕੀਨੀ ਬਣਾਇਆ। ਜੇਕਰ ਤੁਸੀਂ ਸੰਵਿਧਾਨ ਨੂੰ ਗੌਰ ਨਾਲ ਪੜ੍ਹੋ, ਤਾਂ ਤੁਸੀਂ ਸਮਝ ਸਕਦੇ ਹੋ ਕਿ ਇਹ ਵਿਅਕਤੀਗਤ ਆਜ਼ਾਦੀ ਦੀ ਕਿੰਨੀ ਡੂੰਘਾਈ ਨਾਲ ਰੱਖਿਆ ਕਰਦਾ ਹੈ। ਅੱਜ ਦਿੱਲੀ ਦੀ ਅਦਾਲਤ ਦਾ ਫੈਸਲਾ ਸਾਬਤ ਕਰਦਾ ਹੈ ਕਿ ਸੰਵਿਧਾਨ ਸਭ ਤੋਂ ਉੱਪਰ ਹੈ।ਖ਼ੁਦ ਕਾਨੂੰਨ ਦੀ ਪ੍ਰੈਕਟਿਸ ਕਰ ਚੁੱਕੇ ਚੀਮਾ ਨੇ ਕਿਹਾ ਕਿ ਇਹ ਕੇਸ ਦੇਸ਼ ਦੇ ਕਾਨੂੰਨੀ ਇਤਿਹਾਸ ਵਿੱਚ ਯਾਦ ਰੱਖਿਆ ਜਾਵੇਗਾ। ਇਸ ਦੇਸ਼ ਦੇ ਇਤਿਹਾਸ ਵਿੱਚ ਇਹ ਇੱਕ ਅਜਿਹਾ ਮਾਮਲਾ ਹੈ ਜਿੱਥੇ ਭਾਜਪਾ ਦੀ ਸੀਬੀਆਈ ਪੂਰੀ ਤਰ੍ਹਾਂ ਬੇਨਕਾਬ ਹੋ ਗਈ ਹੈ। ਕੋਈ ਸਬੂਤ ਨਹੀਂ ਸੀ, ਫਿਰ ਵੀ ਇੱਕ ਕਥਿਤ ਘੁਟਾਲਾ ਤਿਆਰ ਕੀਤਾ ਗਿਆ। ਭਾਜਪਾ ਅਤੇ ਕੇਂਦਰੀ ਗ੍ਰਹਿ ਮੰਤਰੀ ਨੂੰ ਬਾਬਾ ਸਾਹਿਬ ਅੰਬੇਡਕਰ ਦੇ ਕਾਨੂੰਨ ਵਿਰੁੱਧ ਖੇਡੀ ਗਈ ਇਸ ਖੇਡ ਦਾ ਜਵਾਬ ਦੇਣਾ ਪਵੇਗਾ।ਉਨ੍ਹਾਂ ਨਿਆਂਪਾਲਿਕਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਦਾਲਤਾਂ ਹਮੇਸ਼ਾ ਇਨਸਾਫ਼ ਅਤੇ ਸੱਚਾਈ ਦੇ ਨਾਲ ਖੜ੍ਹੀਆਂ ਹੁੰਦੀਆਂ ਹਨ। ਸੰਵਿਧਾਨ ਦੇ ਤਹਿਤ ਹਰ ਨਾਗਰਿਕ ਨੂੰ ਸਨਮਾਨ ਨਾਲ ਜਿਉਣ, ਰਾਜਨੀਤੀ ਵਿੱਚ ਹਿੱਸਾ ਲੈਣ ਅਤੇ ਲੋਕਾਂ ਦੀ ਸੇਵਾ ਕਰਨ ਦਾ ਅਧਿਕਾਰ ਹੈ। ਅੱਜ ਦਾ ਫੈਸਲਾ ਉਸ ਸਿਧਾਂਤ ਦੀ ਪੁਸ਼ਟੀ ਕਰਦਾ ਹੈ।ਚੀਮਾ ਨੇ ਭਾਜਪਾ 'ਤੇ ਸੰਵਿਧਾਨਕ ਉਪਬੰਧਾਂ ਦੀ ਦੁਰਵਰਤੋਂ ਕਰਕੇ ਲੋਕਤੰਤਰ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਾਇਆ। ਸੰਵਿਧਾਨ ਭਾਜਪਾ ਜਾਂ ਕਿਸੇ ਇੱਕ ਪਾਰਟੀ ਦਾ ਨਹੀਂ ਹੈ। ਇਹ ਬਾਬਾ ਸਾਹਿਬ ਅੰਬੇਡਕਰ ਅਤੇ 140 ਕਰੋੜ ਭਾਰਤੀਆਂ ਦਾ ਹੈ। ਇਹ ਇਸ ਲਈ ਬਣਾਇਆ ਗਿਆ ਸੀ ਤਾਂ ਜੋ ਲੋਕ ਸਨਮਾਨ ਨਾਲ ਰਹਿ ਸਕਣ ਅਤੇ ਮਿਆਰੀ ਸਿੱਖਿਆ ਪ੍ਰਾਪਤ ਕਰ ਸਕਣ। ਪਰ ਭਾਜਪਾ ਇਹ ਹਜ਼ਮ ਨਹੀਂ ਕਰ ਪਾ ਰਹੀ ਕਿ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਗਰੀਬਾਂ ਨੂੰ ਮਿਆਰੀ ਸਿੱਖਿਆ ਦੇ ਰਹੇ ਹਨ।ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਨੂੰ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦਾ ਆਈਆਈਟੀ (ਆਈਆਈਟੀ) ਵਰਗੇ ਪ੍ਰਮੁੱਖ ਸੰਸਥਾਵਾਂ ਵਿੱਚ ਦਾਖ਼ਲਾ ਲੈਣਾ, ਗਰੀਬ ਪਰਿਵਾਰਾਂ ਨੂੰ ਮਿਆਰੀ ਸਿਹਤ ਸਹੂਲਤਾਂ ਮਿਲਣਾ ਅਤੇ ਦਿੱਲੀ ਤੇ ਪੰਜਾਬ ਵਿੱਚੋਂ ਭ੍ਰਿਸ਼ਟਾਚਾਰ ਅਤੇ ਨਸ਼ਿਆਂ ਨੂੰ ਖ਼ਤਮ ਕਰਨ ਦੀਆਂ ਕੋਸ਼ਿਸ਼ਾਂ ਤੋਂ ਤਕਲੀਫ਼ ਹੋ ਰਹੀ ਹੈ।ਇਸੇ ਲਈ ਉਨ੍ਹਾਂ ਨੇ ਆਮ ਆਦਮੀ ਪਾਰਟੀ ਨੂੰ ਤੋੜਨ ਦੀ ਕੋਸ਼ਿਸ਼ ਕੀਤੀ। ਪਰ ਅੱਜ ਦੇਸ਼ ਭਰ ਵਿੱਚ ਸੰਵਿਧਾਨ ਵਿੱਚ ਵਿਸ਼ਵਾਸ ਰੱਖਣ ਵਾਲੇ ਲੱਖਾਂ ਲੋਕ ਜਸ਼ਨ ਮਨਾ ਰਹੇ ਹਨ। ਸੱਚ ਦੀ ਜਿੱਤ ਹੋਈ ਹੈ।ਚੀਮਾ ਨੇ 'ਆਪ' ਵਰਕਰਾਂ ਦਾ ਔਖੇ ਸਮੇਂ 'ਚ ਪਾਰਟੀ ਨਾਲ ਚਟਾਨ ਵਾਂਗ ਖੜ੍ਹੇ ਰਹਿਣ ਅਤੇ ਭਾਜਪਾ ਦੀਆਂ ਕਾਰਵਾਈਆਂ ਨੂੰ ਨੰਗਾ ਕਰਨਾ ਜਾਰੀ ਰੱਖਣ ਲਈ ਧੰਨਵਾਦ ਕੀਤਾ।ਉਨ੍ਹਾਂ ਨੇ ਅੰਤ ਵਿੱਚ ਕਿਹਾ ਕਿ ਜਿੱਥੇ ਕਾਂਗਰਸ ਅਤੇ ਭਾਜਪਾ ਦੋਵਾਂ ਨੇ ਸਿਆਸੀ ਲਾਹੇ ਲਈ ਡਾ. ਅੰਬੇਡਕਰ ਦੇ ਨਾਮ ਦੀ ਵਰਤੋਂ ਕੀਤੀ ਹੈ, ਉੱਥੇ ਆਮ ਆਦਮੀ ਪਾਰਟੀ ਨੇ ਹੀ ਉਨ੍ਹਾਂ ਦੀ ਵਿਚਾਰਧਾਰਾ ਨੂੰ ਅਮਲੀ ਰੂਪ ਵਿੱਚ ਅੱਗੇ ਵਧਾਇਆ ਹੈ।ਚੀਮਾ ਨੇ ਕਿਹਾ ਕਿ ਇਹ ਫੈਸਲਾ ਸੱਚਾਈ ਦੀ ਜਿੱਤ ਹੈ। ਅੱਜ ਦੇਸ਼ ਦੇ ਕਰੋੜਾਂ ਲੋਕਾਂ ਨੇ ਸਮਝ ਲਿਆ ਹੈ ਕਿ ਭਾਜਪਾ ਝੂਠ ਦਾ ਸਹਾਰਾ ਲੈਂਦੀ ਹੈ, ਪਰ ਸੰਵਿਧਾਨ ਅਤੇ ਇਨਸਾਫ਼ ਦੀ ਹੀ ਅੰਤ ਵਿੱਚ ਜਿੱਤ ਹੁੰਦੀ ਹੈ।

# ਦਿੱਲੀ ਸ਼ਰਾਬ ਘੁਟਾਲੇ ਮਾਮਲੇ ਵਿੱਚ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਬਰੀ, 'ਆਪ' ਨੇ ਅਦਾਲਤ ਦੇ ਫੈਸਲੇ ਦਾ ਸਵਾਗਤ ਕੀਤਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਧਾਲੀਵਾਲ ਨੇ ਸੀ.ਬੀ.ਆਈ. ਕੇਸ ਵਿੱਚ ਦਿੱਲੀ ਦੀ ਰਾਊਜ਼ ਐਵੇਨਿਊ ਕੋਰਟ ਵੱਲੋਂ ਕਥਿਤ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ 'ਆਪ' ਦੇ ਰਾਸ਼ਟਰੀ ਕਨਵੀਨਰ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੂੰ ਬਰੀ ਕੀਤੇ ਜਾਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ।ਧਾਲੀਵਾਲ ਨੇ ਕਿਹਾ ਕਿ ਅੱਜ ਮਾਨਯੋਗ ਅਦਾਲਤ ਦੇ ਫੈਸਲੇ ਨੇ ਇਹ ਸਾਬਤ ਕਰ ਦਿੱਤਾ ਹੈ ਕਿ 'ਆਮ ਆਦਮੀ ਪਾਰਟੀ' ਨੂੰ ਖ਼ਤਮ ਕਰਨ ਲਈ ਭਾਜਪਾ ਵੱਲੋਂ ਰਚਿਆ ਗਿਆ ਪੂਰਾ ਮਾਮਲਾ ਮਹਿਜ਼ ਇੱਕ ਕੋਰੀ ਕਲਪਨਾ ਅਤੇ ਡੂੰਘੀ ਸਿਆਸੀ ਸਾਜ਼ਿਸ਼ ਸੀ।ਭਾਜਪਾ, ਕਾਂਗਰਸ ਅਤੇ ਅਕਾਲੀ ਦਲ ਨੂੰ ਆੜੇ ਹੱਥੀਂ ਲੈਂਦਿਆਂ ਧਾਲੀਵਾਲ ਨੇ ਕਿਹਾ ਕਿ ਇਨ੍ਹਾਂ ਤਿੰਨਾਂ ਪਾਰਟੀਆਂ ਨੇ ਮਿਲ ਕੇ ਸਾਡੇ ਆਗੂਆਂ ਦੇ ਅਕਸ ਨੂੰ ਖ਼ਰਾਬ ਕਰਨ ਅਤੇ ਪਾਰਟੀ ਨੂੰ ਖ਼ਤਮ ਕਰਨ ਲਈ ਦਿਨ-ਰਾਤ ਕੂੜ ਪ੍ਰਚਾਰ ਕੀਤਾ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੇ ਝੂਠ ਦੀ ਜੋ ਇਮਾਰਤ ਖੜ੍ਹੀ ਕੀਤੀ ਸੀ, ਉਹ ਅੱਜ ਤਾਸ਼ ਦੇ ਪੱਤਿਆਂ ਵਾਂਗ ਬਿਖਰ ਗਈ ਹੈ। ਭਾਜਪਾ ਨੇ ਆਪਣੀਆਂ ਏਜੰਸੀਆਂ



ਦੀ ਦੁਰਵਰਤੋਂ ਕਰਕੇ ਸਾਡੀ ਸੀਨੀਅਰ ਲੀਡਰਸ਼ਿਪ ਨੂੰ ਜੇਲ੍ਹ ਦੀਆਂ ਸਲਾਖਾਂ ਪਿੱਛੇ ਸੁੱਟਿਆ, ਪਰ ਉਹ ਭੁੱਲ ਗਏ ਸਨ ਕਿ ਸੱਚ ਨੂੰ ਪ੍ਰੇਸ਼ਾਨ ਕੀਤਾ ਜਾ ਸਕਦਾ ਹੈ, ਪਰ ਹਰਾਇਆ ਨਹੀਂ ਜਾ ਸਕਦਾ।ਕੇਂਦਰ ਦੀ ਭਾਜਪਾ ਸਰਕਾਰ 'ਤੇ ਹਮਲਾ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਇਸ ਫੈਸਲੇ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਮੂੰਹ ਦੀ ਖਾਣੀ ਪਈ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀ ਤਾਨਾਸ਼ਾਹੀ ਅਤੇ ਜ਼ੁਲਮ ਵਿਰੁੱਧ ਅਰਵਿੰਦ ਕੇਜਰੀਵਾਲ ਅਤੇ ਸਾਡੀ ਲੀਡਰਸ਼ਿਪ ਨੇ ਡਟ ਕੇ ਲੜਾਈ ਲੜੀ। ਇਹ ਫੈਸਲਾ ਇਸ ਗੱਲ ਦੀ ਪੁਸ਼ਟੀ ਕਰਦਾ ਹੈ ਕਿ ਜੇਕਰ ਪੂਰੇ ਦੇਸ਼ ਵਿੱਚ ਕੋਈ ਇਮਾਨਦਾਰੀ ਅਤੇ ਸੱਚਾਈ ਦੀ ਰਾਜਨੀਤੀ ਕਰ ਰਿਹਾ ਹੈ, ਤਾਂ ਉਹ ਅਰਵਿੰਦ ਕੇਜਰੀਵਾਲ ਅਤੇ ਆਮ ਆਦਮੀ ਪਾਰਟੀ ਹੈ।ਉਨ੍ਹਾਂ ਕਿਹਾ ਕਿ ਭਾਜਪਾ ਦੀਆਂ ਸਾਜ਼ਿਸ਼ਾਂ ਦਾ ਮਕਸਦ ਸਿਰਫ਼ ਸਾਨੂੰ ਰੋਕਣਾ ਸੀ, ਪਰ ਜਨਤਾ ਦੀ ਕਚਹਿਰੀ ਤੋਂ ਬਾਅਦ ਹੁਣ ਕਾਨੂੰਨ ਦੀ ਅਦਾਲਤ ਨੇ ਵੀ ਉਨ੍ਹਾਂ ਨੂੰ ਆਈਨਾ ਦਿਖਾ ਦਿੱਤਾ ਹੈ।ਕੁਲਦੀਪ ਧਾਲੀਵਾਲ ਨੇ ਦੇਸ਼ ਭਰ ਦੇ 'ਆਪ' ਵਰਕਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਹਰ ਉਸ ਵਿਅਕਤੀ ਦੀ ਜਿੱਤ ਹੋਈ ਹੈ ਜਿਸ ਦਾ ਲੋਕਤੰਤਰ ਅਤੇ ਨਿਆਂਪਾਲਿਕਾ ਵਿੱਚ ਵਿਸ਼ਵਾਸ ਹੈ। ਉਨ੍ਹਾਂ ਭਾਵੁਕ ਹੁੰਦਿਆਂ ਕਿਹਾ, "ਮੈਨੂੰ ਮਾਣ ਹੈ ਕਿ ਮੈਂ ਅਰਵਿੰਦ ਕੇਜਰੀਵਾਲ ਵਰਗੇ ਸੱਚੇ ਅਤੇ ਨਿਡਰ ਆਗੂ ਦੀ ਪਾਰਟੀ ਦਾ ਸਿਪਾਹੀ ਹਾਂ। ਸਾਡੇ ਆਗੂਆਂ ਨੇ ਜੇਲ੍ਹ ਜਾਣਾ ਸਵੀਕਾਰ ਕੀਤਾ ਪਰ ਝੁਕਣਾ ਨਹੀਂ।" ਅੱਜ ਦਾ ਦਿਨ ਭਾਰਤੀ ਰਾਜਨੀਤੀ ਦੇ ਇਤਿਹਾਸ ਵਿੱਚ ਸੱਚਾਈ ਦੀ ਜਿੱਤ ਦੇ ਪ੍ਰਤੀਕ ਵਜੋਂ ਯਾਦ ਰੱਖਿਆ ਜਾਵੇਗਾ।

# ਗੈਂਗਸਟਰਾਂ 'ਤੇ ਵਾਰ ਦਾ 38ਵਾਂ ਦਿਨ ਪੰਜਾਬ ਪੁਲਿਸ ਵੱਲੋਂ 515 ਥਾਈਂ ਛਾਪੇਮਾਰੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਚੱਲ ਰਹੀ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ ਤੇ ਵਾਰ' ਦੇ 38ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 515 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ' ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸਦੀ ਸ਼ੁਰੂਆਤ 20 ਜਨਵਰੀ, 2026 ਨੂੰ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਕੀਤੀ ਸੀ। ਇਸ ਮੁਹਿੰਮ ਤਹਿਤ ਐਂਟੀ-ਗੈਂਗਸਟਰ ਟਾਸਕ ਫੋਰਸ ਪੰਜਾਬ ਦੇ ਪੂਰੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।ਮੁਹਿੰਮ ਦੇ 38ਵੇਂ ਦਿਨ, ਪੁਲਿਸ ਟੀਮਾਂ ਨੇ 184 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਮੁਲਜ਼ਮਾਂ ਦੇ ਕਬਜ਼ੇ 'ਚੋਂ ਚਾਰ ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਕੁੱਲ ਗਿਣਤੀ 11,800 ਹੋ ਗਈ ਹੈ।ਇਸ ਤੋਂ ਇਲਾਵਾ 91 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 113 ਵਿਅਕਤੀਆਂ ਨੂੰ ਤਫ਼ਤੀਸ਼ ਅਤੇ ਪੁੱਛਗਿੱਛ ਪਿੱਛੋਂ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 12 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।ਉਨ੍ਹਾਂ ਕਿਹਾ ਕਿ ਲੋਕ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਜਾਣਕਾਰੀ ਦੇ ਸਕਦੇ ਹਨ ਅਤੇ ਇਸ 'ਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕੀਤੀ ਜਾ ਸਕਦੀ ਹੈ।ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 363ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 103 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਕਿਲੋ ਹੈਰੋਇਨ, 2715 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 3700 ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ ਸਿਰਫ਼ 363 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 51,497 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ 31 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ।


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਸੱਚ ਦੀ ਜਿੱਤ ਹੋਈ: ਭਾਜਪਾ ਨੂੰ ਅਰਵਿੰਦ ਕੇਜਰੀਵਾਲ ਵਿਰੁੱਧ ਸਾਜ਼ਿਸ਼ ਲਈ ਦੇਸ਼ ਤੋਂ ਮਾਫੀ ਮੰਗਣੀ ਚਾਹੀਦੀ ਹੈ: ਅਮਨ ਅਰੋੜਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਸ਼ੁਕਰਵਾਰ ਨੂੰ ਇੱਕ ਅਹਿਮ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ "ਸੱਚ ਨੂੰ ਦੇਰੀ ਹੋ ਸਕਦੀ ਹੈ, ਪਰ ਇਸ ਨੂੰ ਕਦੇ ਹਰਾਇਆ ਨਹੀਂ ਜਾ ਸਕਦਾ। ਉਨ੍ਹਾਂ ਦਾਅਵਾ ਕੀਤਾ ਕਿ ਅਖੌਤੀ ਸ਼ਰਾਬ ਘੁਟਾਲੇ ਦੇ ਕੇਸ ਵਿੱਚ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਮਨੀਸ਼ ਸਿਸੋਦੀਆ ਅਤੇ ਪਾਰਟੀ ਦੇ ਹੋਰ ਸਾਥੀਆਂ ਦਾ ਬਰੀ ਹੋਣਾ ਸਿਰਫ਼ 'ਆਪ' ਦੀ ਜਿੱਤ ਨਹੀਂ, ਸਗੋਂ ਸੱਚ ਅਤੇ ਇਨਸਾਫ਼ ਦੀ ਜਿੱਤ ਹੈ। ਉਨ੍ਹਾਂ ਨਾਲ 'ਆਪ' ਮੰਤਰੀ ਹਰਜੋਤ ਸਿੰਘ ਬੈਂਸ ਅਤੇ ਹਰਦੀਪ ਸਿੰਘ ਮੁੰਡੀਆਂ ਵੀ ਸ਼ਾਮਲ ਹੋਏ।ਅਰੋੜਾ ਨੇ ਕਿਹਾ ਕਿ ਇਹ ਸਾਬਤ ਕਰਦਾ ਹੈ ਕਿ ਇਨਸਾਫ਼ ਵਿੱਚ ਦੇਰੀ ਹੋ ਸਕਦੀ ਹੈ, ਪਰ ਤੁਸੀਂ ਸੱਚ ਨੂੰ ਖ਼ਤਮ ਨਹੀਂ ਕਰ ਸਕਦੇ। ਅੱਜ ਅਦਾਲਤ ਨੇ ਉਸ ਝੂਠ ਦੇ ਪੁਲੰਦੇ ਦਾ ਪਰਦਾਫਾਸ਼ ਕਰ ਦਿੱਤਾ ਹੈ ਜੋ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਆਪਣੀਆਂ ਏਜੰਸੀਆਂ ਰਾਹੀਂ ਤਿਆਰ ਕੀਤਾ ਸੀ। ਉਨ੍ਹਾਂ ਕਿਹਾ ਕਿ ਵਿਸ਼ੇਸ਼ ਅਦਾਲਤ ਨੇ ਅਰਵਿੰਦ ਕੇਜਰੀਵਾਲ ਨੂੰ ਸਿਆਸੀ ਤੌਰ 'ਤੇ ਤਬਾਹ ਕਰਨ ਲਈ ਭਾਜਪਾ ਵੱਲੋਂ ਰਚੀ ਗਈ ਬੇਬੁਨਿਆਦ ਅਤੇ ਮਨਘੜਤ ਸਾਜ਼ਿਸ਼ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਹੈ। ਅਰੋੜਾ ਨੇ ਕਿਹਾ ਕਿ ਲਗਭਗ ਛੇ ਮਹੀਨਿਆਂ ਤੱਕ, ਇੱਕ ਮੌਜੂਦਾ ਮੁੱਖ ਮੰਤਰੀ ਨੂੰ ਉਨ੍ਹਾਂ ਦੇ ਘਰੋਂ ਚੁੱਕ ਕੇ ਜੇਲ੍ਹ ਵਿੱਚ ਸੁੱਟਿਆ ਗਿਆ। ਮਨੀਸ਼ ਸਿਸੋਦੀਆ ਨੂੰ ਕਰੀਬ ਦੋ ਸਾਲ ਜੇਲ੍ਹ ਵਿੱਚ ਰੱਖਿਆ ਗਿਆ। ਇਹ ਸਭ ਕੁਝ ਸਿਰਫ਼ ਉਨ੍ਹਾਂ ਨੂੰ ਬਦਨਾਮ ਕਰਨ, ਉਨ੍ਹਾਂ ਦੀ ਸਿਆਸੀ ਹੋਂਦ ਨੂੰ ਮਿਟਾਉਣ ਅਤੇ ਉਨ੍ਹਾਂ ਦੀ ਵਧਦੀ ਲੋਕਪ੍ਰਿਯਤਾ ਨੂੰ ਖ਼ਤਮ ਕਰਨ ਲਈ ਕੀਤਾ ਗਿਆ ਸੀ।ਅਰੋੜਾ ਨੇ ਕਿਹਾ ਕਿ ਅਦਾਲਤ ਨੇ ਨਾ ਸਿਰਫ਼ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ




ਹੋਰਨਾਂ ਨੂੰ ਸਨਮਾਨ ਸਹਿਤ ਬਰੀ ਕੀਤਾ ਹੈ, ਸਗੋਂ ਜਾਂਚ ਏਜੰਸੀਆਂ ਵਿਰੁੱਧ ਸਖ਼ਤ ਟਿੱਪਣੀਆਂ ਵੀ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਅਦਾਲਤ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਕੋਈ ਪ੍ਰਾਈਮਾ ਫੇਸੀ (ਮੁੱਢਲਾ) ਕੇਸ ਨਹੀਂ ਬਣਦਾ। ਸਰਕਾਰੀ ਪੱਖ ਦੀ ਥਿਊਰੀ ਮਹਿਜ਼ ਕਿਆਸਅਰਾਈਆਂ ਤੋਂ ਇਲਾਵਾ ਕੁਝ ਨਹੀਂ ਸੀ। ਸੀਬੀਆਈ ਨੇ ਸਾਜ਼ਿਸ਼ ਦਾ ਇੱਕ ਬਿਰਤਾਂਤ ਘੜਨ ਦੀ ਕੋਸ਼ਿਸ਼ ਕੀਤੀ, ਪਰ ਉਸ ਵਿੱਚ ਬਿਲਕੁਲ ਵੀ ਸੱਚਾਈ ਨਹੀਂ ਸੀ।ਉਨ੍ਹਾਂ ਅੱਗੇ ਕਿਹਾ ਕਿ ਅਦਾਲਤ ਨੇ ਇੱਥੋਂ ਤੱਕ ਸੰਕੇਤ ਦਿੱਤਾ ਹੈ ਕਿ ਇਸ ਸਾਜ਼ਿਸ਼ ਨੂੰ ਘੜਨ ਅਤੇ ਅੰਜਾਮ ਦੇਣ ਵਾਲੇ ਅਧਿਕਾਰੀਆਂ ਵਿਰੁੱਧ ਵਿਭਾਗੀ ਜਾਂਚ ਸ਼ੁਰੂ ਕੀਤੀ ਜਾਣੀ ਚਾਹੀਦੀ ਹੈ। ਇਸ ਨੂੰ ਬੇਮਿਸਾਲ ਦੱਸਦਿਆਂ ਅਰੋੜਾ ਨੇ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਪਹਿਲੀ ਵਾਰ ਅਰਵਿੰਦ ਕੇਜਰੀਵਾਲ ਵਰਗੇ ਮੌਜੂਦਾ ਮੁੱਖ ਮੰਤਰੀ ਨੂੰ ਸਿਰਫ਼ ਇਸ ਲਈ ਨਿਸ਼ਾਨਾ ਬਣਾਇਆ ਗਿਆ ਕਿਉਂਕਿ ਭਾਜਪਾ ਉਨ੍ਹਾਂ ਦੀ ਇਮਾਨਦਾਰੀ ਅਤੇ ਲੋਕਪ੍ਰਿਯਤਾ ਤੋਂ ਡਰਦੀ ਸੀ। ਉਨ੍ਹਾਂ ਨੂੰ ਸਿਆਸੀ ਤੌਰ 'ਤੇ ਖ਼ਤਮ ਕਰਨ ਲਈ ਝੂਠੇ ਕੇਸ ਵਿੱਚ ਫਸਾਇਆ ਗਿਆ ਸੀ।ਅਰੋੜਾ ਨੇ ਸਿੱਧੇ ਤੌਰ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਨਿਸ਼ਾਨਾ ਬਣਾਉਂਦੇ ਹੋਏ ਜਨਤਕ ਮਾਫੀ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਇਸ ਦੇਸ਼ ਦੇ ਲੋਕਾਂ ਦੇ ਦੇਣਦਾਰ ਹਨ। ਉਨ੍ਹਾਂ ਨੂੰ ਅਰਵਿੰਦ ਕੇਜਰੀਵਾਲ ਦੇ ਸਿਆਸੀ ਕਰੀਅਰ ਨੂੰ ਖਤਮ ਕਰਨ ਲਈ ਰਚੀ ਗਈ ਇਸ ਸਾਜ਼ਿਸ਼ ਲਈ ਮਾਫੀ ਮੰਗਣੀ ਚਾਹੀਦੀ ਹੈ। ਅਜਿਹੀ ਨੀਵੇਂ ਪੱਧਰ ਦੀ ਰਾਜਨੀਤੀ ਨੇ ਕਦੇ ਕਿਸੇ ਨੂੰ ਮਹਾਨ ਨਹੀਂ ਬਣਾਇਆ। ਕੋਈ ਵੀ ਆਗੂ ਵਿਕਾਸ ਅਤੇ ਲੋਕ ਸੇਵਾ ਰਾਹੀਂ ਵੱਡੀ ਲਕੀਰ ਖਿੱਚ ਕੇ ਵੱਡਾ ਬਣਦਾ ਹੈ, ਨਾ ਕਿ ਸਿਆਸੀ ਵਿਰੋਧੀਆਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ।ਅਰੋੜਾ ਨੇ ਕਿਹਾ ਕਿ ਇਹ ਸਿਰਫ਼ ਅਰਵਿੰਦ ਕੇਜਰੀਵਾਲ ਦੀ ਜਿੱਤ ਨਹੀਂ ਹੈ, ਸਿਰਫ਼ ਮਨੀਸ਼ ਸਿਸੋਦੀਆ ਦੀ ਜਿੱਤ ਨਹੀਂ ਹੈ, ਸਿਰਫ਼ ਆਮ ਆਦਮੀ ਪਾਰਟੀ ਦੀ ਜਿੱਤ ਨਹੀਂ ਹੈ, ਇਹ ਸੱਚ ਦੀ ਜਿੱਤ ਹੈ। ਪ੍ਰਮਾਤਮਾ ਨੇ ਇਨਸਾਫ਼ ਕੀਤਾ ਹੈ। ਸੱਚ ਨੂੰ ਕਦੇ ਵੀ ਮਿਟਾਇਆ ਨਹੀਂ ਜਾ ਸਕਦਾ।ਅਮਨ ਅਰੋੜਾ ਨੇ ਦੁਹਰਾਇਆ ਕਿ ਭਾਜਪਾ ਨੂੰ ਸਿਆਸੀ ਬਦਲਾਖੋਰੀ ਲਈ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਨ ਅਤੇ ਦੇਸ਼ ਵਿੱਚ ਸਿੱਖਿਆ ਕ੍ਰਾਂਤੀ ਲਿਆਉਣ ਵਾਲੇ ਆਗੂਆਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਲਈ ਦੇਸ਼ ਤੋਂ ਮੁਆਫੀ ਮੰਗਣੀ ਚਾਹੀਦੀ ਹੈ।'ਆਪ' ਪੰਜਾਬ ਦੇ ਪ੍ਰਧਾਨ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਆਪਣੀ ਗੱਲ ਖਤਮ ਕੀਤੀ ਕਿ ਉਹ ਬਦਲਾਖੋਰੀ ਦੀ ਰਾਜਨੀਤੀ ਦੀ ਬਜਾਏ ਸ਼ਾਸਨ ਅਤੇ ਵਿਕਾਸ 'ਤੇ ਧਿਆਨ ਦੇਵੇ। ਉਨ੍ਹਾਂ ਕਿਹਾ ਕਿ ਝੂਠੇ ਕੇਸਾਂ ਰਾਹੀਂ ਸਿਆਸੀ ਵਿਰੋਧੀਆਂ ਨੂੰ ਖਤਮ ਕਰਨ ਦੀ ਕੋਸ਼ਿਸ਼ ਕਰਨ ਦੀ ਬਜਾਏ, ਭਾਜਪਾ ਨੂੰ ਦੇਸ਼ ਦੇ ਵਿਕਾਸ ਲਈ ਕੰਮ ਕਰਨਾ ਚਾਹੀਦਾ ਹੈ ਅਤੇ ਆਮ ਲੋਕਾਂ ਦੇ ਅਸਲ ਮੁੱਦਿਆਂ ਨੂੰ ਹੱਲ ਕਰਨਾ ਚਾਹੀਦਾ ਹੈ।

# ਕੌਮੀ ਤਿਉਹਾਰ ਹੋਲਾ-ਮਹੱਲਾ ਦੀ ਹੋਈ ਸ਼ੁਰੂਆਤ ਸ੍ਰੀ ਕੀਰਤਪੁਰ ਸਾਹਿਬ ਵਿਖੇ ਨਗਾਰਿਆਂ ਦੀ ਗੂੰਜ

ਜਲੰਧਰ
ਸਾਂਝੀ ਸੋਚ ਬਿਊਰੋ

ਖਾਲਸਾ ਪੰਥ ਦੀ ਚੜ੍ਹਦੀ ਕਲਾ ਅਤੇ ਸਿੱਖ ਜਾਹੋ-ਜਲਾਲ ਦਾ ਪ੍ਰਤੀਕ ਸਲਾਨਾ ਛੇ ਰੋਜ਼ਾ ਕੌਮੀ ਤਿਉਹਾਰ ਹੋਲਾ-ਮਹੱਲਾ ਜੋੜ ਮੇਲੇ ਦਾ ਪਹਿਲਾ ਪੜ੍ਹਾਅ ਅੱਜ ਤੋਂ ਪੁਰਾਤਨ ਸਿੱਖ ਰੀਤੀ ਰਵਾਇਤਾਂ ਅਨੁਸਾਰ ਅੱਜ ਸ੍ਰੀ ਕੀਰਤਪੁਰ ਸਾਹਿਬ ਦੇ ਵਿਸ਼ਵ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਪਤਾਲਪੁਰੀ ਸਾਹਿਬ ਵਿਖੇ ਜੁਗੋ-ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਦੀ ਆਰੰਭਤਾ ਅਤੇ "ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ" ਦੇ ਜੈਕਾਰਿਆਂ ਦੀ ਗੂੰਜ ਨਾਲ ਸ਼ੁਰੂ ਹੋ ਗਿਆ ਹੈ।

ਖਾਲਸਾਈ ਰਵਾਇਤਾਂ ਅਨੁਸਾਰ ਅੱਜ ਅੱਧੀ ਰਾਤ 12 ਵਜੇ ਕਿਲ੍ਹਾ ਆਨੰਦਗੜ੍ਹ ਸਾਹਿਬ ਵਿਚ ਸਥਾਪਿਤ ਪੰਜ ਪ੍ਰਾਚੀਨ ਨਗਾਰਿਆਂ ਨੂੰ ਵਜਾ ਕੇ ਸਮਾਗਮ ਦੀ ਸ਼ੁਰੂਆਤ ਹੋਈ ਅਤੇ ਸਵੇਰੇ ਗੁਰਦੁਆਰਾ ਪਾਤਾਲਪੁਰੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਨਾਲ ਮੇਲੇ ਦਾ ਪਹਿਲਾ ਤਿੰਨ ਰੋਜ਼ਾ ਪੜਾਅ ਸ਼ੁਰੂ ਹੋਇਆ, ਜੋਕਿ 1 ਮਾਰਚ ਤੱਕ ਜਾਰੀ ਰਹੇਗਾ। ਇਸ ਤੋਂ ਬਾਅਦ 2 ਮਾਰਚ ਤੋਂ 4 ਮਾਰਚ ਤੱਕ ਧਾਰਮਿਕ ਨਗਰੀ ਸ੍ਰੀ ਆਨੰਦਪੁਰ ਸਾਹਿਬ ਵਿਚ ਹੋਲਾ-ਮਹੱਲਾ ਮਨਾਇਆ ਜਾਵੇਗਾ।

ਦੱਸ ਦੇਈਏ ਕਿ ਹੋਲਾ-ਮਹੱਲਾ ਦੋ



ਪੜਾਵਾਂ 'ਚ ਮਨਾਇਆ ਜਾਂਦਾ ਹੈ, ਜਿਸ ਦਾ ਪਹਿਲਾ ਪੜਾਅ ਸ੍ਰੀ ਕੀਰਤਪੁਰ ਸਾਹਿਬ ਅਤੇ ਦੂਜਾ ਪੜਾਅ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਇਆ ਜਾਂਦਾ ਹੈ। ਪਹਿਲੇ ਪੜਾਅ ਦੀ ਆਰੰਭਤਾ ਕਰਨ ਤੋਂ ਪਹਿਲਾਂ ਕਿਲ੍ਹਾ ਅਨੰਦਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਰਾਤ 12 ਵਜੇ ਕੌਮ ਦੇ ਜਥੇਦਾਰ ਅਤੇ ਹੋਰ ਪੰਥ ਦੀਆਂ ਮਹਾਨ ਸ਼ਖਸੀਅਤਾਂ ਕਾਰ ਸੇਵਾ ਵਾਲੇ ਮੁਖੀ ਪੰਜ ਪੁਰਾਤਨ ਨਗਾਰੇ ਅਤੇ ਨਰਸਿੰਗ ਵਜਾ ਕੇ ਜੈਕਾਰਿਆਂ ਦੀ ਗੂੰਜ ਵਿੱਚ ਹੋਲੇ-ਮਹੱਲੇ ਦੀ ਆਰੰਭਤਾ ਕਰਦੇ ਹਨ।

ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਵੱਲੋਂ ਮੁੱਖਵਾਕ ਲਿਆ ਗਿਆ ਅਤੇ ਮੇਲੇ ਦੀ ਚੜ੍ਹਦੀ ਕਲਾ, ਸੁਖ-ਸ਼ਾਂਤੀ ਅਤੇ ਸੰਗਤ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।

ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਬਾਬਾ ਟੇਕ ਸਿੰਘ ਸਿੰਘ ਸਾਹਿਬ ਤਖਤ ਸ੍ਰੀ ਦਮਦਮਾ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਭਾਈ ਅਮਰਜੀਤ ਸਿੰਘ ਚਾਵਲਾ ਮੈਂਬਰ ਐੱਸ. ਜੀ. ਪੀ. ਸੀ, ਭਾਈ ਮਲਕੀਤ ਸਿੰਘ ਮੈਨੇਜਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਐਡੀਸ਼ਨਲ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਗੁਰਦੁਆਰਾ ਇੰਸਪੈਕਟਰ ਤਲਵਿੰਦਰ ਸਿੰਘ ਰਸੀਆਂ ਅਤੇ ਭਾਈ ਅਮਰਜੀਤ ਸਿੰਘ ਜਿੰਦਬੜੀ ਮੈਨੇਜਰ ਗੁਰਦੁਆਰਾ ਪਾਤਾਲਪੁਰੀ ਸਾਹਿਬ, ਗੁਰਵਿੰਦਰ ਸਿੰਘ ਸਰਕਲ ਪ੍ਰਧਾਨ ਸਮੇਤ ਕਈ ਧਾਰਮਿਕ ਸ਼ਖ਼ਸੀਅਤਾਂ ਹਾਜ਼ਰ ਸਨ।

# ਅਮਰੀਕਾ 'ਚ ਟਰੱਕ ਹਾਦਸੇ ਦੇ ਦੋਸ਼ 'ਚ ਪੰਜਾਬੀ ਟਰੱਕ ਡਰਾਈਵਰ ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਅਮਰੀਕਾ ਦੇ ਇੰਡੀਆਨਾ 'ਚ ਇਕ ਟਰੱਕ ਹਾਦਸੇ ਦੇ ਦੋਸ਼ 'ਚ 25 ਸਾਲਾ ਭਾਰਤੀ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ। ਉਸ ਦੇ ਟਰੱਕ ਵੱਲੋਂ ਤਿੰਨ ਵਾਹਨਾਂ ਨੂੰ ਟੱਕਰ ਮਾਰਨ ਕਾਰਨ ਵਾਪਰੇ ਹਾਦਸੇ 'ਚ ਇਕ ਵਿਅਕਤੀ ਦੀ ਮੌਤ ਹੋ ਗਈ। ਦੋਸ਼ੀ, ਜਿਸ ਦੀ ਪਛਾਣ ਸੁਖਦੀਪ ਸਿੰਘ ਵਜੋਂ ਹੋਈ ਹੈ, ਨੇ ਕਥਿਤ ਤੌਰ 'ਤੇ ਲਾਲ ਬੱਤੀ 'ਚੋਂ ਟਰੱਕ ਨੂੰ ਲੰਘਾਇਆ, ਜਿਸ ਕਾਰਨ ਇਹ ਘਾਤਕ ਹਾਦਸਾ ਵਾਪਰਿਆ। ਇੰਡੀਆਨਾਪੋਲਿਸ ਦੇ ਪੱਛਮ 'ਚ ਸਥਿਤ ਹੈਂਡਰਿਕਸ ਕਾਊਂਟੀ, ਇੰਡੀਆਨਾ 'ਚ ਵਾਪਰੇ ਹਾਦਸੇ 'ਚ ਪਿਕਅੱਪ ਡਰਾਈਵਰ, 64 ਸਾਲਾ ਟੈਰੀ ਸ਼ੁਲਟਜ਼ ਦੀ ਮੌਕੇ 'ਤੇ ਹੀ ਮੌਤ ਹੋ ਗਈ।ਅਮਰੀਕੀ ਅਧਿਕਾਰੀਆਂ ਨੇ ਕਿਹਾ ਕਿ ਦੋਸ਼ੀ ਅਮਰੀਕੀ ਇਮੀਗ੍ਰੇਸ਼ਨ ਤੇ ਕਸਟਮਜ਼ ਇਨਫੋਰਸਮੈਂਟ ਦੀ ਹਿਰਾਸਤ 'ਚ ਹੈ। ਉਨ੍ਹਾਂ ਦੱਸਿਆ ਕਿ ਉਹ ਇੰਡੀਆਨਾ 'ਚ ਗੈਰ-ਕਾਨੂੰਨੀ ਤੌਰ 'ਤੇ ਵੀ ਰਹਿ ਰਿਹਾ ਸੀ। ਪ੍ਰਾਪਤ ਜਾਣਕਾਰੀ ਅਨੁਸਾਰ ਸੁਖਦੀਪ ਨੂੰ 2018 'ਚ ਅਮਰੀਕੀ ਸਰਹੱਦ ਪਾਰ ਕਰਦਿਆਂ ਫੜਿਆ ਗਿਆ ਸੀ। ਉਸ ਸਮੇਂ ਉਹ ਇਕ ਨਾਬਾਲਗ ਸੀ। ਬਾਅਦ 'ਚ ਉਸ ਨੂੰ 1997 ਦੇ ਫਲੋਰਸ ਸਹਿਮਤੀ ਫ਼ਰਮਾਨ ਦੇ ਤਹਿਤ ਅਮਰੀਕਾ 'ਚ ਰਿਹਾਅ ਕਰ ਦਿੱਤਾ ਗਿਆ ਸੀ, ਜਿਸ 'ਚ ਇਹ ਹੁਕਮ ਦਿੱਤਾ ਗਿਆ ਸੀ ਕਿ ਗੈਰ-ਕਾਨੂੰਨੀ ਤੌਰ 'ਤੇ ਸਰਹੱਦ ਪਾਰ ਕਰਨ ਵਾਲੇ ਬੱਚਿਆਂ ਨੂੰ ਹਿਰਾਸਤ ਵਿਚ ਲੈਣ ਦੀ ਬਜਾਏ ਮਾਪਿਆਂ ਜਾਂ ਬਾਲਗ ਰਿਸ਼ਤੇਦਾਰ ਕੋਲ ਭੇਜ ਦਿੱਤਾ ਜਾਵੇ। ਉਸ ਨੂੰ ਮਈ 2025 'ਚ ਹੀ ਇਕ ਵਪਾਰਕ ਡਰਾਈਵਿੰਗ ਲਾਇਸੈਂਸ ਮਿਲਿਆ ਸੀ। ਹੋਮਲੈਂਡ ਸਿਕਿਓਰਿਟੀ ਵਿਭਾਗ ਨੇ ਕਿਹਾ ਕਿ ਇਹ ਹਾਦਸਾ ਇੰਡੀਆਨਾ 'ਚ ਇਕ ਹੋਰ ਗੈਰ-ਕਾਨੂੰਨੀ ਪਰਦੇਸੀ ਵੱਲੋਂ ਸੈਮੀ-ਟਰੱਕ ਚਲਾਉਣ ਨਾਲ ਚਾਰ ਮਾਸੂਮ ਲੋਕਾਂ ਦੀ ਮੌਤ ਹੋਣ ਤੋਂ 2 ਹਫ਼ਤਿਆਂ ਤੋਂ ਵੀ ਘੱਟ ਸਮੇਂ ਬਾਅਦ ਵਾਪਰਿਆ ਹੈ।


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682


Arrested ?
DUI ?
Drug Charges ?
Gun Violation ?
Ghuman Law Group
GLG
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਕਥਿਤ ਸ਼ਰਾਬ ਘੁਟਾਲੇ ਦੇ ਕੇਸ ਵਿੱਚ ਇਨਸਾਫ਼ ਨੇ ਨਿਆਂਪਾਲਿਕਾ ਵਿੱਚ ਆਮ ਆਦਮੀ ਦਾ ਵਿਸ਼ਵਾਸ ਮੁੜ ਬਹਾਲ ਕੀਤਾ: ਬਲਤੇਜ ਪੰਨੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂ ਨੇ ਕਿਹਾ ਕਿ ਦਿੱਲੀ ਦੀ ਅਦਾਲਤ ਵੱਲੋਂ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਹੋਰਨਾਂ ਨੂੰ ਕਥਿਤ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ ਡਿਸਚਾਰਜ (ਬਰੀ) ਕਰਨ ਦੇ ਇਤਿਹਾਸਕ ਫੈਸਲੇ ਨੇ ਉਸ ਸਾਜ਼ਿਸ਼ ਨੂੰ ਪੂਰੀ ਤਰ੍ਹਾਂ ਢਹਿ-ਢੇਰੀ ਕਰ ਦਿੱਤਾ ਹੈ, ਜੋ ਕਿ ਪੂਰੀ ਤਰ੍ਹਾਂ ਸਿਆਸਤ ਤੋਂ ਪ੍ਰੇਰਿਤ ਸੀ। ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰਦਿਆਂ ਪੰਨੂ ਨੇ ਕਿਹਾ ਕਿ ਅਦਾਲਤ ਨੇ ਖੁਦ ਇਸ ਕੇਸ ਨੂੰ ਅੱਗੇ ਚਲਾਉਣ ਦੇ ਅਯੋਗ ਪਾਇਆ ਹੈ। ਉਨ੍ਹਾਂ ਕਿਹਾ ਕਿ ਕੋਈ ਰਿਕਵਰੀ ਨਹੀਂ ਹੋਈ, ਕੋਈ ਨਕਦੀ ਨਹੀਂ ਮਿਲੀ, ਕੋਈ ਦਸਤਾਵੇਜ਼ ਨਹੀਂ ਮਿਲਿਆ, ਅਜਿਹਾ ਕੋਈ ਸਬੂਤ ਨਹੀਂ ਮਿਲਿਆ ਜੋ ਮੁਕੱਦਮੇ ਨੂੰ ਟਿਕਾ ਸਕੇ। ਅਦਾਲਤ ਨੇ ਆਪਣੇ ਵਿਸਤ੍ਰਿਤ ਹੁਕਮਾਂ ਵਿੱਚ ਸਪੱਸ਼ਟ ਕੀਤਾ ਹੈ ਕਿ ਬਿਨਾਂ ਕਿਸੇ ਅਧਾਰ ਦੇ ਕੇਸ ਜਾਰੀ ਨਹੀਂ ਰਹਿ ਸਕਦਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਨੀਂਹ ਸਿੱਖਿਆ ਅਤੇ ਸਿਹਤ ਸੰਭਾਲ ਦੇ ਥੰਮ੍ਹਾਂ 'ਤੇ ਰੱਖੀ ਗਈ ਸੀ ਅਤੇ ਦਿੱਲੀ ਵਿੱਚ ਮੁਹੱਲਾ ਕਲੀਨਿਕਾਂ ਅਤੇ ਸਰਕਾਰੀ ਸਕੂਲਾਂ ਦੇ ਸੁਧਾਰਾਂ ਵਰਗੀਆਂ ਤਬਦੀਲੀ




ਲਿਆਉਣ ਵਾਲੀਆਂ ਪਹਿਲਕਦਮੀਆਂ ਨੇ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਹੀ ਸੁਧਾਰ ਹੁਣ ਪੰਜਾਬ ਵਿੱਚ ਵੀ ਦੇਖਣ ਨੂੰ ਮਿਲ ਰਹੇ ਹਨ, ਜਿੱਥੇ ਨਵੇਂ ਕਲੀਨਿਕ ਅਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀਆਂ ਇਤਿਹਾਸਕ ਅਕਾਦਮਿਕ ਪ੍ਰਾਪਤੀਆਂ ਜ਼ਮੀਨੀ ਪੱਧਰ 'ਤੇ ਅਸਲ ਤਬਦੀਲੀ ਨੂੰ ਦਰਸਾਉਂਦੀਆਂ ਹਨ। ਪੰਨੂ ਨੇ ਦੋਸ਼ ਲਾਇਆ ਕਿ 'ਆਪ' ਦੇ ਸ਼ਾਸਨ ਅਤੇ ਇਮਾਨਦਾਰੀ ਦਾ ਮੁਕਾਬਲਾ ਕਰਨ ਵਿੱਚ ਅਸਮਰੱਥ ਸਿਆਸੀ ਵਿਰੋਧੀਆਂ ਨੇ ਕਥਿਤ 100 ਕਰੋੜ ਰੁਪਏ ਦੇ ਘੁਟਾਲੇ ਦਾ ਬਿਰਤਾਂਤ ਘੜਿਆ ਸੀ। ਉਨ੍ਹਾਂ ਸਵਾਲ ਕੀਤਾ ਕਿ 100 ਕਰੋੜ ਰੁਪਏ ਕਿੱਥੇ ਹਨ? ਕਿਹੜਾ ਘੁਟਾਲਾ? ਉਨ੍ਹਾਂ ਅੱਗੇ ਕਿਹਾ ਕਿ ਕੇਜਰੀਵਾਲ, ਸਿਸੋਦੀਆ ਅਤੇ ਹੋਰਾਂ ਵੱਲੋਂ ਜੇਲ੍ਹ ਵਿੱਚ ਬਿਤਾਏ ਮਹੀਨੇ ਕਦੇ ਵਾਪਸ ਨਹੀਂ ਕੀਤੇ ਜਾ ਸਕਦੇ। ਉਨ੍ਹਾਂ ਨਿਆਂਪਾਲਿਕਾ ਦਾ ਧੰਨਵਾਦ ਕੀਤਾ ਅਤੇ ਡਾ. ਬੀਆਰ ਅੰਬੇਡਕਰ ਨੂੰ ਅਜਿਹਾ ਸੰਵਿਧਾਨ ਬਣਾਉਣ ਲਈ ਸ਼ਰਧਾਂਜਲੀ ਭੇਟ ਕੀਤੀ ਜੋ ਇਨਸਾਫ਼ ਦੀ ਰਾਖੀ ਕਰਦਾ ਹੈ। ਇਸ ਫੈਸਲੇ ਨੂੰ ਇਮਾਨਦਾਰ ਰਾਜਨੀਤੀ ਦੀ ਜਿੱਤ ਕਰਾਰ ਦਿੰਦਿਆਂ ਪੰਨੂ ਨੇ ਕਿਹਾ ਕਿ ਇਸ ਨਾਲ ਅਦਾਲਤਾਂ ਵਿੱਚ ਵਿਸ਼ਵਾਸ ਮਜ਼ਬੂਤ ਹੋਇਆ ਹੈ ਅਤੇ ਦੇਸ਼ ਭਰ ਵਿੱਚ 'ਆਪ' ਦੀਆਂ ਜੜ੍ਹਾਂ ਹੋਰ ਡੂੰਘੀਆਂ ਹੋਣਗੀਆਂ। ਉਨ੍ਹਾਂ ਦਾਅਵਾ ਕੀਤਾ ਕਿ ਸਾਨੂੰ ਕੱਲ੍ਹ ਵੀ ਆਪਣੇ ਆਗੂਆਂ 'ਤੇ ਮਾਣ ਸੀ, ਅੱਜ ਵੀ ਮਾਣ ਹੈ ਅਤੇ ਹਮੇਸ਼ਾ ਮਾਣ ਰਹੇਗਾ।

## ਸ੍ਰੀ ਹਰਿਮੰਦਰ ਸਾਹਿਬ ਦੇ ਸਰੋਵਰ 'ਚ ਕੁਰਲੀ ਕਰਨ ਵਾਲਾ ਜੇਲ੍ਹ 'ਚੋਂ ਰਿਹਾਅ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ



ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ ਸਰੋਵਰ ਵਿੱਚ ਕੁਰਲੀ ਕਰਨ ਵਾਲੇ ਦਿੱਲੀ ਦੇ ਨੌਜਵਾਨ ਸੁਭਾਨ ਰੰਗਰੇਜ਼ ਨੂੰ ਜ਼ਮਾਨਤ ਮਿਲਣ ਤੋਂ ਬਾਅਦ ਜੇਲ੍ਹ ਵਿੱਚੋਂ ਰਿਹਾਅ ਕਰ ਦਿੱਤਾ ਗਿਆ ਹੈ। ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਨੌਜਵਾਨ ਨੇ ਸੋਸ਼ਲ ਮੀਡੀਆ 'ਤੇ ਆਪਣੀ ਪਹਿਲੀ ਵੀਡੀਓ ਸਾਂਝੀ ਕੀਤੀ ਹੈ, ਜਿਸ ਵਿੱਚ ਉਸਨੇ ਕਿਹਾ, “ਅੱਲ੍ਹਾ ਦਾ ਸ਼ੁਕਰ ਹੈ, ਮੈਂ ਸਹੀ ਸਲਾਮਤ ਹਾਂ।”ਕੀ ਹੈ ਮਾਮਲਾ : ਇਹ ਮਾਮਲਾ 13 ਜਨਵਰੀ ਦਾ ਹੈ, ਜਦੋਂ ਦਿੱਲੀ ਦਾ ਰਹਿਣ ਵਾਲਾ ਸੁਭਾਨ ਰੰਗਰੇਜ਼ ਸ੍ਰੀ ਹਰਿਮੰਦਰ ਸਾਹਿਬ ਆਇਆ ਸੀ।
ਉੱਥੇ ਉਸਨੇ ਪਵਿੱਤਰ ਸਰੋਵਰ ਵਿੱਚ ਬੈਠ ਕੇ ਕੁਰਲੀ ਕੀਤੀ ਸੀ। ਇਸ ਤੋਂ ਬਾਅਦ ਉਸਨੇ ਆਪਣੇ ਸਾਥੀ ਤੋਂ ਵੀਡੀਓ ਬਣਵਾਈ ਅਤੇ ਦਰਬਾਰ ਸਾਹਿਬ ਵੱਲ ਉਂਗਲ ਵੀ ਉਠਾਈ। ਉਸਨੇ ਇਸ ਵੀਡੀਓ ਨੂੰ ਆਪਣੇ ਇੰਸਟਾਗ੍ਰਾਮ ਅਕਾਊਂਟ 'ਤੇ 'ਮੁਸਲਿਮ ਸ਼ੇਰ' ਲਿਖ ਕੇ ਅਪਲੋਡ ਕਰ ਦਿੱਤਾ ਸੀ। ਇਸ ਤੋਂ ਬਾਅਦ ਇਹ ਮਾਮਲਾ ਐਸ.ਜੀ.ਪੀ.ਸੀ ਕੋਲ ਪਹੁੰਚ ਗਿਆ, ਜਿਨ੍ਹਾਂ ਅਨੁਸਾਰ ਮੁਲਜ਼ਮ ਨੇ ਮੱਥਾ ਵੀ ਨਹੀਂ ਟੇਕਿਆ ਸੀ ਅਤੇ ਸਿਰਫ ਬੇਅਦਬੀ ਕਰਨ ਦੀ ਨੀਅਤ ਨਾਲ ਹੀ ਆਇਆ ਸੀ। ਇਸ ਤੋਂ ਬਾਅਦ ਅੰਮ੍ਰਿਤਸਰ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਗਈ। ਜੇਲ੍ਹ ਜਾਣ ਤੋਂ ਪਹਿਲਾਂ 2 ਵਾਰ ਮੰਗੀ ਸੀ ਮੁਆਫ਼ੀ : 24 ਜਨਵਰੀ ਨੂੰ ਉੱਤਰ ਪ੍ਰਦੇਸ਼ ਦੇ ਗਾਜ਼ੀਆਬਾਦ ਵਿੱਚ ਨਿਹੰਗ ਸਿੰਘਾਂ ਨੇ ਇਸ ਨੌਜਵਾਨ ਨੂੰ ਕਾਬੂ ਕਰ ਲਿਆ ਸੀ ਅਤੇ ਉਸ ਦੀ ਕੁੱਟਮਾਰ ਵੀ ਕੀਤੀ ਗਈ। ਬਾਅਦ ਵਿੱਚ ਉਸਨੂੰ ਪੁਲਸ ਹਵਾਲੇ ਕਰ ਦਿੱਤਾ ਗਿਆ ਅਤੇ ਅੰਮ੍ਰਿਤਸਰ ਪੁਲਸ ਉਸਨੂੰ ਇੱਥੇ ਲੈ ਆਈ। ਹਾਲਾਂਕਿ ਸੁਭਾਨ ਨੇ ਜੇਲ੍ਹ ਜਾਣ ਤੋਂ ਪਹਿਲਾਂ ਦੋ ਵਾਰ ਵੀਡੀਓ ਜਾਰੀ ਕਰਕੇ ਮਾਫੀ ਮੰਗਣ ਦੀ ਕੋਸ਼ਿਸ਼ ਕੀਤੀ ਸੀ, ਪਰ ਸਿੱਖ ਜਥੇਬੰਦੀਆਂ ਨੇ ਉਸਦੇ ਅੰਦਾਜ਼ (ਐਟੀਟਿਊਡ) ਨੂੰ ਦੇਖਦੇ ਹੋਏ ਉਸਨੂੰ ਮਾਫ ਨਹੀਂ ਕੀਤਾ ਸੀ।

## ਗੁਰਦਾਸਪੁਰ ਪੁਲਿਸ ਕਤਲ ਕਾਂਡ: ਇੰਦਰਜੀਤ ਵੀ ਗ੍ਰਿਫ਼ਤਾਰ, ਦਿਲਾਵਰ ਸਿੰਘ ਨੇ ਕੀਤੇ ਵੱਡੇ ਖੁਲਾਸੇ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਗੁਰਦਾਸਪੁਰ ਦੇ ਪਿੰਡ ਆਧੀਆਂ ਵਿੱਚ ਦੋ ਪੁਲਿਸ ਕਰਮੀਆਂ ਦੇ ਬੇਰਹਿਮ ਕਤਲ ਦੇ ਮਾਮਲੇ ਵਿੱਚ ਪੰਜਾਬ ਪੁਲਿਸ ਨੂੰ ਇੱਕ ਹੋਰ ਵੱਡੀ ਸਫਲਤਾ ਮਿਲੀ ਹੈ। ਪੁਲਿਸ ਨੇ ਇਸ ਕਤਲ ਕਾਂਡ ਦੇ ਤੀਜੇ ਮੁਲਜ਼ਮ ਇੰਦਰਜੀਤ ਨੂੰ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ ਕਰ ਲਿਆ ਹੈ। ਇਹ ਗ੍ਰਿਫ਼ਤਾਰੀ ਪਹਿਲਾਂ ਕਾਬੂ ਕੀਤੇ ਗਏ ਮੁਲਜ਼ਮ ਦਿਲਾਵਰ ਸਿੰਘ ਵੱਲੋਂ ਦਿੱਤੀ ਗਈ ਜਾਣਕਾਰੀ ਦੇ ਆਧਾਰ 'ਤੇ ਕੀਤੀ ਗਈ ਹੈ। ਪੁਲਿਸ ਪੁੱਛਗਿੱਛ ਦੌਰਾਨ ਮੁਲਜ਼ਮ ਦਿਲਾਵਰ ਸਿੰਘ ਨੇ ਵੱਡਾ ਖੁਲਾਸਾ ਕਰਦਿਆਂ ਦੱਸਿਆ ਕਿ ਏਐਸਆਈ ਅਤੇ ਪੁਲਿਸ ਕਰਮੀ 'ਤੇ ਗੋਲੀਆਂ ਇੰਦਰਜੀਤ ਅਤੇ ਰਣਜੀਤ ਨੇ ਚਲਾਈਆਂ ਸਨ।
ਦਿਲਾਵਰ ਅਨੁਸਾਰ ਉਹ ਸਿਰਫ਼ ਉਨ੍ਹਾਂ ਦੇ ਨਾਲ ਮੌਜੂਦ ਸੀ, ਜਦਕਿ ਕਤਲ ਦੀ ਵਾਰਦਾਤ ਨੂੰ ਇਨ੍ਹਾਂ ਦੋਵਾਂ ਨੇ ਹੀ ਅੰਜਾਮ ਦਿੱਤਾ ਸੀ। ਜਾਣਕਾਰੀ ਅਨੁਸਾਰ, ਦੋ ਦਿਨ ਪਹਿਲਾਂ ਪੁਲਿਸ ਨਾਲ ਹੋਏ ਮੁਕਾਬਲੇ ਵਿੱਚ ਰਣਜੀਤ ਸਿੰਘ ਢੇਰ ਹੋ ਗਿਆ ਸੀ। ਰਣਜੀਤ ਦੇ ਐਨਕਾਊਂਟਰ ਤੋਂ ਬਾਅਦ ਇੰਦਰਜੀਤ ਫ਼ਰਾਰ ਚੱਲ ਰਿਹਾ ਸੀ, ਜਿਸ ਨੂੰ ਅੱਜ ਅੰਮ੍ਰਿਤਸਰ ਤੋਂ ਕਾਬੂ ਕਰ ਲਿਆ ਗਿਆ। ਦਿਲਾਵਰ ਸਿੰਘ ਪਹਿਲਾਂ ਹੀ ਪੁਲਿਸ ਦੀ ਗ੍ਰਿਫ਼ਤ ਵਿੱਚ ਹੈ ਅਤੇ ਉਸ ਦੀ ਨਿਸ਼ਾਨਦੇਹੀ 'ਤੇ ਹੀ ਪੁਲਿਸ ਅਗਲੀ ਕੜੀ ਤੱਕ ਪਹੁੰਚੀ ਹੈ। ਜ਼ਿਕਰਯੋਗ ਹੈ ਕਿ ਗੁਰਦਾਸਪੁਰ ਦੇ ਪਿੰਡ ਆਧੀਆਂ ਵਿੱਚ ਡਿਊਟੀ 'ਤੇ ਤਾਇਨਾਤ ਦੋ ਪੁਲਿਸ ਮੁਲਾਜ਼ਮਾਂ ਸੀ, ਦਾ ਬੜੀ ਬੇਰਹਿਮੀ ਨਾਲ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਇਸ ਵਾਰਦਾਤ ਤੋਂ ਬਾਅਦ ਪੰਜਾਬ ਪੁਲਿਸ ਵੱਲੋਂ ਦੋਸ਼ੀਆਂ ਦੀ ਫੜੋ-ਫੜੀ ਲਈ ਵੱਡੀ ਮੁਹਿੰਮ ਚਲਾਈ ਗਈ ਸੀ।

## ਕਾਂਗਰਸ ਦੀ ਅੱਜ ਬਰਨਾਲਾ 'ਚ ਰੈਲੀ ਰਾਹੁਲ ਗਾਂਧੀ ਅਤੇ ਖੜਗੇ ਵੀ ਹੋਣਗੇ ਸ਼ਾਮਲ

ਬਰਨਾਲਾ
ਸਾਂਝੀ ਸੋਚ ਬਿਊਰੋ



ਪੰਜਾਬ ਕਾਂਗਰਸ ਅੱਜ 28 ਫਰਵਰੀ ਨੂੰ ਬਰਨਾਲਾ ਵਿੱਚ ਇੱਕ ਰੈਲੀ ਕਰ ਰਹੀ ਹੈ। ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਰਾਹੁਲ ਗਾਂਧੀ ਵੀ ਇਸ ਰੈਲੀ 'ਚ ਸ਼ਾਮਲ ਹੋਣਗੇ। ਇਸ ਰੈਲੀ ਵਿੱਚ ਕਾਂਗਰਸ ਮਨਰੇਗਾ ਅਤੇ ਭਾਰਤ-ਅਮਰੀਕਾ ਵਪਾਰ ਸਮਝੌਤੇ ਵਰਗੇ ਮੁੱਦਿਆਂ 'ਤੇ ਕੇਂਦਰ ਸਰਕਾਰ ਨੂੰ ਘੇਰੇਗੀ। ਇਸ ਦੇ ਨਾਲ ਹੀ, ਇਸ ਰੈਲੀ ਨੂੰ ਮਿਸ਼ਨ 2027 ਲਈ ਕਾਂਗਰਸ ਵੱਲੋਂ ਚੋਣ ਵਿਗਲ ਵੀ ਮੰਨਿਆ ਜਾ ਰਿਹਾ ਹੈ। ਕਾਂਗਰਸ ਨੇ ਰੈਲੀ ਨੂੰ ਸਫਲ ਬਣਾਉਣ ਲਈ ਆਪਣੀਆਂ ਸਾਰੀਆਂ ਕੋਸ਼ਿਸ਼ਾਂ ਕੀਤੀਆਂ ਹਨ। ਹਰ ਵਰਗ ਦੇ ਆਗੂ ਮੌਜੂਦ ਰਹਿਣਗੇ। ਦੱਸ ਦਈਏ ਕਿ ਇਸ ਤੋਂ ਪਹਿਲਾਂ ਰਾਹੁਲ ਗਾਂਧੀ ਨੇ ਲੋਕ ਸਭਾ ਚੋਣਾਂ ਦੌਰਾਨ 29 ਮਈ, 2024 ਨੂੰ ਪਟਿਆਲਾ ਵਿੱਚ ਆਪਣੀ ਆਖਰੀ ਵੱਡੀ ਰੈਲੀ ਕੀਤੀ ਸੀ।

## ਬੋਲੀਵੀਆ 'ਚ ਕਰੰਸੀ ਲੈ ਕੇ ਜਾ ਰਿਹਾ ਕਾਰਗੋ ਜਹਾਜ਼ ਕ੍ਰੈਸ਼, 15 ਮੌਤਾਂ

ਬੋਲੀਵੀਆ
ਸਾਂਝੀ ਸੋਚ ਬਿਊਰੋ



ਬੋਲੀਵੀਆ ਦੀ ਰਾਜਧਾਨੀ ਲਾ ਪਾਜ਼ ਨੇੜੇ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਇੱਕ ਕਾਰਗੋ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ਵਿੱਚ ਪੰਦਰਾਂ ਲੋਕ ਮਾਰੇ ਗਏ। ਨੈਸ਼ਨਲ ਫਾਇਰ ਚੀਫ਼ ਪਾਵੇਲ ਟੋਵਰ ਦੇ ਅਨੁਸਾਰ, ਮ੍ਰਿਤਕਾਂ ਵਿੱਚ ਚਾਲਕ ਦਲ ਦੇ ਮੈਂਬਰ ਅਤੇ ਰਾਹਗੀਰ ਸ਼ਾਮਲ ਸਨ। ਨਿਊਜ਼ ਏਜੰਸੀ ਪੀਟੀਆਈ ਦੇ ਅਨੁਸਾਰ, ਜਹਾਜ਼ ਰਨਵੇਅ ਤੋਂ ਖਿਸਕ ਕੇ ਹਾਈਵੇਅ 'ਤੇ ਆ ਗਿਆ, ਜਿਸ ਨਾਲ ਲਗਭਗ ਇੱਕ ਦਰਜਨ ਵਾਹਨਾਂ ਨੂੰ ਨੁਕਸਾਨ ਪਹੁੰਚਿਆ। ਹਾਦਸੇ ਤੋਂ ਬਾਅਦ ਜਹਾਜ਼ ਦਾ ਮਲਬਾ, ਕਰੰਸੀ ਨੋਟ, ਟੁੱਟੀਆਂ ਕਾਰਾਂ ਅਤੇ ਲਾਸ਼ਾਂ ਸੜਕ 'ਤੇ ਖਿੰਡ ਗਈਆਂ ਸਨ। ਇਹ ਜਹਾਜ਼ ਬੋਲੀਵੀਅਨ ਏਅਰ ਫੋਰਸ ਹਰਕੂਲਸ ਜਹਾਜ਼ ਸੀ ਜੋ ਸੈਂਟਰਲ ਬੈਂਕ ਤੋਂ ਦੂਜੇ ਸ਼ਹਿਰਾਂ ਵਿੱਚ ਨਵੇਂ ਬੈਂਕ ਨੋਟ ਲੈ ਕੇ ਜਾ ਰਿਹਾ ਸੀ। ਜਹਾਜ਼ ਨੇ ਲਾ ਪਾਜ਼ ਦੇ ਨੇੜੇ ਐਲ ਆਲਟੋ ਵਿੱਚ ਵਾਹਨਾਂ ਨਾਲ ਟੱਕਰਾ ਗਿਆ ਅਤੇ ਫਿਰ ਇੱਕ ਖੇਤ ਵਿੱਚ ਰੁਕ ਗਿਆ। ਇਸ ਬਾਰੇ ਵੱਖ-ਵੱਖ ਰਿਪੋਰਟਾਂ ਆ ਰਹੀਆਂ ਹਨ ਕਿ ਜਹਾਜ਼ ਉਡਾਣ ਭਰ ਰਿਹਾ ਸੀ ਜਾਂ ਲੈਂਡਿੰਗ ਤੋਂ ਬਾਅਦ ਹਾਦਸਾਗ੍ਰਸਤ ਹੋ ਗਿਆ। ਬੋਲੀਵੀਆ ਦੇ ਰੱਖਿਆ ਮੰਤਰੀ ਰਾਉਲ ਮਾਰਸੇਲੋ ਸੈਲੀਨਾਸ ਨੇ ਪੁਸ਼ਟੀ ਕੀਤੀ ਕਿ ਸਾਂਤਾ ਕਰੂਜ਼ ਤੋਂ ਉਡਾਣ ਭਰਿਆ ਜਹਾਜ਼ ਲੈਂਡਿੰਗ ਤੋਂ ਲਗਭਗ ਇੱਕ ਕਿਲੋਮੀਟਰ ਬਾਅਦ ਰਨਵੇਅ ਤੋਂ ਅੱਗੇ ਨਿੱਕਲ ਗਿਆ ਸੀ।





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।


**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
DOT DRUG TEST
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com



ਬਰਜਿੰਦਰ ਕੌਰ ਬਿਸਰਾਓ
99889-01324

## (ਵਿਅੰਗ)


# ਪੁਆੜਾ ਮਹਿੰਗੇ ਫੋਨਾਂ ਅਤੇ ਵਟਸਐਪ ਸਟੇਟਸਾਂ ਦਾ

ਇੱਕੀਵੀਂ ਸਦੀ ਵਿੱਚ ਵਿਗਿਆਨ ਨੇ ਬਹੁਤ ਤਰੱਕੀ ਕੀਤੀ ਹੈ। ਬਸ ਮਨੁੱਖ ਦੀ ਜੇਬ ਭਰੀ ਹੋਣੀ ਚਾਹੀਦੀ ਹੈ, ਚਾਹੇ ਘਰ ਬੈਠੇ ਬਿਠਾਏ ਦੁਨੀਆ ਦੀ ਹਰ ਸੁੱਖ ਸਹੂਲਤ ਖਰੀਦ ਲਵੋ। ਜਿਹੋ ਜਿਹਾ ਜੀਵਨ ਅੱਜ ਦਾ ਸਾਧਾਰਨ ਮਨੁੱਖ ਬਤੀਤ ਕਰਦਾ ਹੈ ਇਹੋ ਜਿਹਾ ਜੀਵਨ ਤਾਂ ਪੁਰਾਣੇ ਰਾਜਿਆਂ ਮਹਾਰਾਜਿਆਂ ਨੇ ਵੀ ਨਹੀਂ ਬਿਤਾਇਆ ਹੋਣਾ। ਅੱਜ ਦੇ ਮਨੁੱਖ ਦੇ ਘਰ ਰੋਟੀ ਪੱਕੇ ਜਾਂ ਨਾ ਪੱਕੇ ਪਰ ਕੋ.ਲ ਮਹਿੰਗਾ ਮੋਬਾਈਲ ਫੋਨ ਜ਼ਰੂਰ ਹੋਣਾ ਚਾਹੀਦਾ ਹੈ। ਮੋਬਾਈਲ ਫੋਨ ਵੀ ਅੱਜ ਕੱਲ੍ਹ ਹਰ ਵਿਅਕਤੀ ਦੀ ਜੀਵਨਸ਼ੈਲੀ ਦਾ ਇੱਕ ਅਹਿਮ ਹਿੱਸਾ ਬਣ ਗਿਆ ਹੈ ਕਿਉਂਕਿ ਇਸ ਦੀ ਵਰਤੋਂ ਸਿਰਫ਼ ਸਕੇ ਸਬੰਧੀਆਂ ਨਾਲ ਗੱਲਬਾਤ ਕਰਨ ਲਈ ਨਹੀਂ ਕੀਤੀ ਜਾਂਦੀ ਬਲਕਿ ਉਸ ਦੀ ਕੀਮਤ ਤੋਂ ਕਿਸੇ ਵੀ ਵਿਅਕਤੀ ਦੀ ਅਮੀਰੀ ਜਾਂ ਗ਼ਰੀਬੀ ਨੂੰ ਮਾਪਿਆ ਜਾਂਦਾ ਹੈ। ਹੱਥ ਵਿੱਚ ਜਿੰਨਾਂ ਮਹਿੰਗਾ ਫੋਨ ਓਨਾਂ ਅਮੀਰ ਵਿਅਕਤੀ, ਚਾਹੇ ਪੱਲੇ ਧੇਲਾ ਨਾ ਹੋਵੇ, ਕਿਤੇ ਕੋਈ ਹਮਾਤੜ ਵਿਚਾਰਾ ਹੱਥ ਵਿੱਚ ਨਿੱਕਾ ਜਿਹਾ ਫੋਨ ਫੜ ਕੇ ਚਹੁੰ ਬੰਦਿਆਂ ਵਿੱਚ ਖੜ੍ਹ ਜਾਵੇ ,ਉਸ ਵੱਲ ਨੂੰ ਲੋਕ ਇੰਝ ਘਿਰਣਾ ਦੀ ਨਿਗਾਹ ਨਾਲ ਦੇਖਦੇ ਹਨ ਜਿਵੇਂ ਕਿਤੇ ਉਸ ਤੋਂ ਕੋਈ ਅਪਰਾਧ ਹੋ ਗਿਆ ਹੋਵੇ ਜਾਂ ਫਿਰ ਛੂਤ ਦੀ ਬੀਮਾਰੀ ਨਾ.ਲ ਗ੍ਰਸਤ ਹੋਵੇ।ਪਹਿਲਾਂ ਪਹਿਲ ਸੈਲਫੀ ਲੈਣ ਦਾ ਰਿਵਾਜ ਚੱਲਿਆ ਸੀ ਪਰੰਤੂ ਅੱਜ ਕੱਲ੍ਹ ਲੋਕ ਆਪਣਾ ਮੋਬਾਈਲ ਫੋਨ ਦਿਖਾਉਣ ਲਈ ਸ਼ੀਸ਼ੇ ਅੱਗੇ ਖਲੋ ਕੇ ਸੈਲਫੀ ਲੈਣ ਲੱਗ ਪਏ ਹਨ। ਪਹਿਲਾਂ ਤਾਂ ਜਦੋਂ ਮਹਿੰਗਾ ਮੋਬਾਈਲ ਫੋਨ ਖਰੀਦ ਕੇ ਲਿਆਂਦਾ ਜਾਂਦਾ ਹੈ ਤਾਂ ਸੋਸ਼ਲ ਮੀਡੀਆ ਤੇ ਦਿਖਾ ਕੇ ਉਸ ਦੀ ਬਿਲਕੁਲ ਉਸੇ ਤਰ੍ਹਾਂ ਪ੍ਰਦਰਸ਼ਨੀ ਲਗਾਈ ਜਾਂਦੀ ਹੈ ਜਿਵੇਂ ਪੁਰਾਣੇ ਜ਼ਮਾਨੇ ਵਿੱਚ ਧੀ ਦੇ ਦਾਜ ਜਾਂ ਸੂਸ਼ਕ ਵਿੱਚ ਦੇਣ ਵਾਲੀਆਂ ਚੀਜ਼ਾਂ ਨੂੰ ਮੰਜੇ ਤੇ ਸਜਾ ਕੇ ਸ਼ਰੀਕੇ ਕਬੀਲੇ ਨੂੰ ਸੱਦ ਕੇ ਦਿਖਾਇਆ ਜਾਂਦਾ ਸੀ।ਬਸ ਥੋੜ੍ਹਾ ਜਿਹਾ ਅੰਦਾਜ਼ ਵੱਖਰਾ ਹੋ ਗਿਆ ਹੈ। ਉਸ ਨੂੰ ਖ਼ਾਸ ਅੰਦਾਜ਼ ਵਿੱਚ ਰੱਖ ਕੇ,ਉਸ ਦੇ ਡੱਬੇ ਦੀ ਫੋਟੋ, ਫਿਰ ਡੱਬੇ ਵਿੱਚੋਂ ਕੱਢਣ ਦੀ ਫੋਟੋ ਅਤੇ ਫ਼ਿਰ ਜੇ ਕਿਸੇ ਤੋਂ ਉਪਹਾਰ ਮਿਲਿਆ ਹੋਵੇ ਤਾਂ ਉਸ ਬਾਰੇ ਦੱਸਿਆ ਜਾਂਦਾ ਹੈ ਤੇ ਵਧੀਆ ਜਿਹੀ ਰੀਲ ਬਣਾਈ ਜਾਂਦੀ ਹੈ। ਫਿਰ ਸਾਰੇ ਦੋਸਤਾਂ, ਮਿੱਤਰਾਂ ਅਤੇ ਸਕੇ ਸਬੰਧੀਆਂ ਤੋਂ ਵਧਾਈਆਂ ਕਬੂਲੀਆਂ ਜਾਂਦੀਆਂ ਹਨ।ਮਹਿੰਗੇ ਨਵੇਂ ਫੋਨ ਕਰਕੇ ਕਈ ਦਿਨ ਵਿਆਹ ਵਰਗਾ ਮਾਹੌਲ ਅਤੇ ਚਾਅ ਭਰਪੂਰ ਵਾਤਾਵਰਨ ਪੈਦਾ ਹੁੰਦਾ ਹੈ। ਬਹੁਤੇ ਮੁੰਡੇ ਕੁੜੀਆਂ ਤਾਂ ਮਹਿੰਗਾ ਫੋਨ ਮਿ.ਲਣ ਤੇ ਆਪਣੇ ਦੋਸਤਾਂ ਮਿੱਤਰਾਂ ਨੂੰ ਕਿਤੇ ਹੋਟਲਾਂ ਵਗੈਰਾ ਵਿੱਚ ਪਾਰਟੀ ਵੀ ਕਰਦੇ ਹਨ।ਇਸ ਤਰ੍ਹਾਂ ਮਹਿੰਗੇ ਫੋਨ ਨਾਲ ਸ਼ੀਸ਼ੇ ਅੱਗੇ ਖੜ੍ਹ ਕੇ ਇਹ ਵੀ ਧਿਆਨ ਰੱਖਿਆ ਜਾਂਦਾ ਹੈ ਕਿ ਵਧੀਆ ਤੋਂ ਵਧੀਆ ਗੁੱਟ ਘੜੀ ਜਾਂ ਹੋਰ ਗਹਿਣੇ ਗੱਟੇ ਪਾਏ ਜਾਣ ਤਾਂ ਜੋ ਦੁਨੀਆ ਨੂੰ ਉਹਨਾਂ ਦੇ ਵੱਡੇ ਹੋਣ ਦਾ ਇੱਕੋ ਫੋਟੋ ਰਾਹੀਂ ਪਤਾ ਲੱਗ ਜਾਵੇ। ਕਈ ਲੋਕ ਤਾਂ ਮੈਂ ਇਹ ਕਹਿੰਦੇ ਵੀ ਸੁਣੇ ਹਨ," ਅੱਜ ਮੇਰੀ ਆਹ ਫੋਟੋ ਨੇ ਕਈਆਂ ਦੇ ਸੀਨੇ ਅੱਗ ਲਾ ਦੇਣੀ ਆ।"

ਇਕੱਲਾ ਮਹਿੰਗਾ ਮੋਬਾਈਲ ਖਰੀਦ ਕੇ ਕਿੱਥੇ ਗੱਲ ਬਣਦੀ ਆ ਜਿੰਨਾ ਚਿਰ ਤੱਕ ਪੰਜ ਚਾਰ ਐਪਾਂ ਤੇ ਸਟੇਟਸ ਨਾ ਪਾਏ ਜਾਣ।ਅੱਜ ਕੱਲ੍ਹ ਤਾਂ ਸਾਡੇ ਸਭ ਤੋਂ ਵਿਦਵਾਨ ਗੂਗਲ ਬਾਬਾ ਜੀ ਕੋਲੋਂ ਜੋ ਮਰਜ਼ੀ ਮੰਗ ਲਵੋ ਉਹ ਤੁਹਾਡੇ ਮੂਹਰੇ ਸਕਿੰਟ ਵਿੱਚ ਤੁਹਾਡੀ ਮਨ ਪਸੰਦ ਦਾ ਸਟੇਟਸ ਪਰੋਸ ਦੇਣਗੇ। ਫਿਰ ਜੀਹਦੇ ਨਾਲ 'ਲੱਗਦੀ' ਹੋਵੇ, ਜੀਹਨੂੰ 'ਸੜਾਉਣਾ' ਹੋਵੇ , ਜੀਹਦੇ ਲਈ ਭਾਵੁਕ ਹੋਏ ਸਭ ਲਈ ਸਟੇਟਸ ਪਾਏ ਜਾਂਦੇ ਹਨ। ਫ਼ਿਰ ਮਿੰਟ ਮਿੰਟ ਬਾਅਦ ਖੋਲ੍ਹ ਕੇ ਦੇਖਿਆ ਜਾਂਦਾ ਹੈ ਕਿ ਉਸ ਦਾ ਸਟੇਟਸ ਕਿੰਨੇ ਲੋਕਾਂ ਦੁਆਰਾ ਦੇਖ ਲਿਆ ਗਿਆ ਹੈ। ਸਭ ਤੋਂ ਵੱਧ ਖ਼ੁਸ਼ੀ ਤਾਂ ਉਦੋਂ ਹੁੰਦੀ ਹੈ ਜਦੋਂ ਉਹ ਬੰਦਾ ਸਟੇਟਸ ਦੇਖ ਲੈਂਦਾ ਹੈ ਜਿਸ ਨੂੰ ਸੜਾਉਣ ਲਈ ਪਾਇਆ ਹੋਵੇ। ਕਿਸੇ ਮਾਸੀ,ਤਾਈ ,ਚਾਚੀ ਭਾਵ ਜਿਹੜੇ ਰਿਸ਼ਤੇਦਾਰਾਂ ਨੂੰ ਮੂੰਹ ਤੇ ਗੱਲ ਨਾ ਆਖੀ ਜਾਵੇ ਸਟੇਟਸ ਤੇ ਆਖ ਦਿੱਤੀ ਜਾਂਦੀ ਹੈ, ਬਸ ਕੰਮ ਆਪੇ ਹੋ ਜਾਂਦਾ ਹੈ। ਭੈਣਾਂ ਨੇ ਭਰਾਵਾਂ ਨੂੰ, ਧੀਆਂ ਨੇ ਪੇਕਿਆਂ ਨੂੰ, ਨੂੰਹ ਨੇ ਸਹੁਰਿਆਂ ਨੂੰ ਮਤਲਬ ਕਿ ਹਰ ਰਿਸ਼ਤੇ ਤੱਕ ਗੱਲ ਪਹੁੰਚਾਉਣ ਲਈ ਸਟੇਟਸ ਵਰਤੇ ਜਾਂਦੇ ਹਨ। ਕਈ ਘਰਾਂ ਵਿੱਚ ਤਾਂ ਸਟੇਟਸ ਬਟਵਾਰੇ ਤੱਕ ਕਰਵਾ ਦਿੰਦੇ ਹਨ।

ਇਸ ਤੋਂ ਇਲਾਵਾ ਆਪਣੀ ਸ਼ਖ਼ਸੀਅਤ ਨੂੰ ਪ੍ਰਗਟਾਉਣ ਲਈ ਵੀ ਸਟੇਟਸ ਵੱਧ ਤੋਂ ਵੱਧ ਪਾਏ ਜਾਂਦੇ ਹਨ। ਅਗਰ ਲੋਕ ਕਿਸੇ ਨੂੰ ਮਾੜਾ ਸਮਝੀ ਜਾਂਦੇ ਹੋਣ ਪਰ ਉਹ ਬੰਦਾ ਦੁਨੀਆਂ ਭਰ ਦੇ ਧਾਰਮਿਕ ਸਟੇਟਸ ਪਾ ਪਾ ਕੇ ਦੁਹਾਈ ਦਿੰਦਾ ਹੈ ਕਿ ਉਸ ਤੋਂ ਵੱਧ ਗਿਆਨੀ ਧਿਆਨੀ ਬੰਦਾ ਤਾਂ ਕੋਈ ਹੋ ਹੀ ਨਹੀਂ ਸਕਦਾ,ਅਗਰ ਐਵੇਂ ਤੁਸੀਂ ਕਿਸੇ ਨੂੰ ਕਮਜ਼ੋਰ ਸਮਝਦੇ ਹੋਵੋਂਗੇ ਤਾਂ ਭੁਲੇਖੇ ਵਿੱਚ ਨਾ ਰਹਿਓ,ਅਗਲਾ ਬੰਦਾ ਦਲੇਰੀ ਅਤੇ ਅਣਖ ਦੇ ਸਟੇਟਸ ਪਾ ਪਾ ਕੇ ਤੁਹਾਨੂੰ ਕੰਬਣ ਲਗਾ ਦੇਵੇਗਾ। ਇਸੇ ਤਰ੍ਹਾਂ ਉਦਾਸੀ ਦੇ ਸਟੇਟਸਾਂ ਵਿੱਚ ਰੋਣੇ ਧੋਣੇ ਵਾਲੇ ਸਟੇਟਸਾਂ ਨਾ.ਲ ਆਪਣੇ ਦੁੱਖ ਦਾ ਪ੍ਰਗਟਾਵਾ ਕੀਤਾ ਜਾਂਦਾ ਹੈ,ਖ਼ੁਸ਼ੀ ਦੇ ਪਲਾਂ ਵਿੱਚ ਆਪਣੇ ਨਵੇਂ ਨਵੇਂ ਪਹਿਰਾਵਿਆਂ ਤੋਂ ਲੈ ਕੇ ਖਾਣੇ ਦੀਆਂ ਪਲੇਟਾਂ ਤੱਕ ਦੇ ਸਟੇਟਸ ਪਾਏ ਜਾਂਦੇ ਹਨ। ਪਿਆਰ- ਮੁਹੱਬਤ ਦੀ ਤਾਂ ਗੱਲ ਈ ਛੱਡੋ,ਉਹ ਤਾਂ ਚੱਲਦਾ ਈ ਸਟੇਟਸਾਂ ਦੇ ਸਿਰ ਤੇ ਹੈ। ਕੋਈ ਤੁਹਾਡੇ ਨਾਲ ਚਲਾਕੀ ਕਰ ਜਾਵੇ ਤਾਂ ਉਸ ਨੂੰ ਕਿਵੇਂ ਬਖਸ਼ਿਆ ਜਾ ਸਕਦਾ ਹੈ ਜਿੰਨਾਂ ਚਿਰ ਤੱਕ ਉਸ ਨੂੰ ਆਪਣੇ ਆਪ ਦੇ ਚਲਾਕ ਹੋਣ ਦਾ ਭੂਤ ਨਾ ਉਤਰ ਜਾਵੇ। ਜਿਵੇਂ ਕਿਸੇ ਮਾਰਕੀਟ ਵਿੱਚ ਹਰ ਚੀਜ਼ ਉਪਲਬਧ ਹੁੰਦੀ ਹੈ ਉਸੇ ਤਰ੍ਹਾਂ ਗੂੱਗਲ ਤੇ ਹਰ ਤਰ੍ਹਾਂ ਦੇ ਸਟੇਟਸ ਮੌਜੂਦ ਹਨ।ਬਸ ਕਿਸੇ ਤੱਕ ਆਪਣੇ ਦਿਲ ਦੀ ਗੱਲ ਪਹੁੰਚਾਉਣੀ ਹੈ,ਲੱਭੋ ਤੇ ਸਟੇਟਸ ਪਾਓ ਅਗਲੇ ਤੱਕ ਮਿੰਟਾਂ ਕਿੰਨਾਂ ਵਿੱਚ ਪਹੁੰਚ ਗਈ ਸਮਝੋ,ਨਾ ਹਿੰਗ ਲੱਗੇ ਨਾ ਫਟਕੜੀ ਰੰਗ ਚੋਖਾ।

ਸੋ ਮੁੱਕਦੀ ਗੱਲ ਇਹ ਹੈ ਕਿ ਮਹਿੰਗੇ ਮੋਬਾਈਲ ਫੋਨਾਂ ਅਤੇ ਸਟੇਟਸਾਂ ਰਾਹੀਂ ਅਜੋਕਾ ਇਨਸਾਨ ਆਪਣੇ ਆਪ ਨੂੰ ਜਿਸ ਤਰ੍ਹਾਂ ਪੇਸ਼ ਕਰਦਾ ਹੈ ਉਸ ਦੀ ਅਸਲੀਅਤ ਉਸ ਤੋਂ ਕੋਹਾਂ ਕੋਹਾਂ ਦੂਰ ਹੁੰਦੀ ਹੈ।ਇਸੇ ਲਈ ਜਿੱਥੇ ਅੱਜ ਕੱਲ੍ਹ ਸਾਡੇ ਰਿਸ਼ਤਿਆਂ,ਸਭਿਆਚਾਰ ਅਤੇ ਰਹਿਣ ਸਹਿਣ ਦੇ ਤੌਰ ਤਰੀਕਿਆਂ ਨੂੰ ਇਹਨਾਂ ਗੱਲਾਂ ਪ੍ਰਭਾਵਿਤ ਕੀਤਾ ਹੈ ਉੱਥੇ ਸਮਾਜ ਵਿੱਚ ਧੋਖਾਧੜੀ, ਲੁੱਟਾਂ ਖੋਹਾਂ, ਕਤਲਾਂ ਅਤੇ ਬਦਲਾਖੋਰੀ ਦੀਆਂ ਘਿਨਾਉਣੀਆਂ ਵਾਰਦਾਤਾਂ ਵਿੱਚ ਵੀ ਵਾਧਾ ਕੀਤਾ ਹੈ। ਸਮਝਦਾਰੀ ਇਸੇ ਵਿੱਚ ਹੈ ਕਿ ਮੋਬਾਈਲ ਫੋਨ ਅਤੇ ਸਟੇਟਸਾਂ ਨੂੰ ਆਪਣੇ ਰਿਸ਼ਤਿਆਂ ਅਤੇ ਸਮਾਜ ਉੱਪਰ ਭਾਰੂ ਹੋਣ ਤੋਂ ਨਕੇਲ ਪਾਈ ਜਾਏ, ਨਹੀਂ ਤਾਂ ਇਹ ਤੁਹਾਡੀ ਜ਼ਿੰਦਗੀ ਉੱਪਰ ਪੂਰੀ ਤਰ੍ਹਾਂ ਕਬਜ਼ਾ ਕਰ ਕੇ ਬੈਠ ਗਏ ਹਨ। ਬਚਾਅ ਵਿੱਚ ਹੀ ਬਚਾਅ ਹੈ।







Imperial Spice
Resturant Bar & Banquet Hall
Vibrant flavors of
North and South Indian cuisine.
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ।
Sonu (209) 595-8596 Goutam (209) 494-9404
430 W Grant Line Rd Tracy, CA 95376

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi


We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK





**1003 Moffat Blvd, Manteca CA 95336**

**209-239-1551**



Chevron

# TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

(Or $9 off Chevron In-Store Purchase)

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668



# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307



SANJHI SOCH
ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਤਕਨੀਕ ਦੇ ਦੁਰਵਰਤੋਂ ਦਾ ਫੈਲਿਆ ਹੋਇਆ ਖੇਤਰ

ਮਨੁੱਖੀ ਸਭਿਅਤਾ ਨੇ ਤਕਨੀਕ ਦੀ ਸਹਾਇਤਾ ਨਾਲ ਬੇਮਿਸਾਲ ਤਰੱਕੀ ਕੀਤੀ ਹੈ। ਸੰਚਾਰ, ਸਿੱਖਿਆ, ਡਾਕਟਰੀ, ਆਵਾਜਾਈ ਅਤੇ ਪ੍ਰਸ਼ਾਸਨ ਹਰ ਖੇਤਰ ਵਿੱਚ ਤਕਨੀਕੀ ਵਿਕਾਸ ਨੇ ਜੀਵਨ ਨੂੰ ਆਸਾਨ ਬਣਾਇਆ ਹੈ। ਪਰ ਜਿਸ ਤਕਨਾਲੋਜੀ ਨੇ ਦੁਨੀਆਂ ਨੂੰ ਜੋੜਿਆ ਹੈ, ਉਸੇ ਦੇ ਦੁਰਵਰਤੋਂ ਨੇ ਕਈ ਨਵੀਆਂ ਚੁਣੌਤੀਆਂ ਨੂੰ ਜਨਮ ਦਿੱਤਾ ਹੈ। ਅੱਜ ਤਕਨਾਲੋਜੀ ਦਾ ਗਲਤ ਵਰਤੋਂ ਸਮਾਜ, ਨੈਤਿਕਤਾ ਅਤੇ ਮਾਨਸਿਕ ਸਿਹਤ 'ਤੇ ਡੂੰਘਾ ਪ੍ਰਭਾਵ ਪਾ ਰਿਹਾ ਹੈ

ਤਕਨੀਕ: ਸਹੂਲਤ ਤੋਂ ਨਿਰਭਰਤਾ ਤੱਕ

ਸਮਾਰਟਫੋਨ ਅਤੇ ਇੰਟਰਨੈੱਟ ਨੇ ਜਾਣਕਾਰੀ ਨੂੰ ਸਾਡੀਆਂ ਉਂਗਲਾਂ 'ਤੇ ਲਿਆ ਦਿੱਤਾ ਹੈ।

ਪਰ ਸਹੂਲਤ ਹੌਲੀ-ਹੌਲੀ ਨਿਰਭਰਤਾ ਵਿੱਚ ਬਦਲ ਰਹੀ ਹੈ। ਲੋਕ ਆਹਮੋ-ਸਾਹਮਣੇ ਗੱਲਬਾਤ ਕਰਨ ਦੀ ਬਜਾਏ ਸਕ੍ਰੀਨ 'ਤੇ ਵਧੇਰੇ ਸਮਾਂ ਬਿਤਾਉਣ ਲੱਗੇ ਹਨ। ਪਰਿਵਾਰ ਅਤੇ ਸਮਾਜ ਦੇ ਵਿਚਕਾਰ ਸੰਵਾਦ ਘੱਟ ਹੁੰਦਾ ਜਾ ਰਿਹਾ ਹੈ।

ਸੋਸ਼ਲ ਮੀਡੀਆ ਅਤੇ ਗਲਤ ਜਾਣਕਾਰੀ

ਫੇਸਬੁੱਕ, ਇੰਸਟਾਗ੍ਰਾਮ ਅਤੇ ਵਟਸਐਪ ਵਰਗੇ ਸੋਸ਼ਲ ਮੀਡੀਆ ਪਲੇਟਫਾਰਮਾਂ ਨੇ ਗੱਲਬਾਤ ਨੂੰ ਸੌਖਾ ਬਣਾਇਆ ਹੈ, ਪਰ ਇਨ੍ਹਾਂ ਰਾਹੀਂ ਅਫਵਾਹਾਂ, ਨਕਲੀ ਖ਼ਬਰਾਂ ਅਤੇ ਭਰਮਿੰਦਗੀ ਵਾਲੀਆਂ ਸੂਚਨਾਵਾਂ ਤੇਜ਼ੀ ਨਾਲ ਫੈਲਦੀਆਂ ਹਨ। ਗਲਤ ਜਾਣਕਾਰੀ ਸਮਾਜਿਕ ਤਣਾਅ, ਘਬਰਾਹਟ ਅਤੇ ਅਵਿਸ਼ਵਾਸ ਨੂੰ ਜਨਮ ਦੇ ਸਕਦੀ ਹੈ

ਬੱਚਿਆਂ ਅਤੇ ਨੌਜਵਾਨਾਂ 'ਤੇ ਪ੍ਰਭਾਵ

ਤਕਨਾਲੋਜੀ ਦਾ ਬੇਕਾਬੂ ਵਰਤੋਂ ਬੱਚਿਆਂ ਅਤੇ ਨੌਜਵਾਨਾਂ ਦੇ ਵਿਕਾਸ ਨੂੰ ਪ੍ਰਭਾਵਿਤ ਕਰ ਰਹੀ ਹੈ:

ਪੜ੍ਹਾਈ ਵਿੱਚ ਧਿਆਨ ਦੀ ਕਮੀ
ਡਿਜੀਟਲ ਲਤ ਦੀ ਸਮੱਸਿਆ
ਨੀਂਦ ਦੀ ਕਮੀ
ਹਮਲਾਵਰ ਵਿਵਹਾਰ
ਸਮਾਜਿਕ ਅਲੱਗ-ਥਲੱਗਤਾ

ਔਨਲਾਈਨ ਗੇਮਿੰਗ ਅਤੇ ਤੇਜ਼ ਮਨੋਰੰਜਨ ਦੀ ਆਦਤ ਸਬਰ ਅਤੇ ਇਕਾਗਰਤਾ ਨੂੰ ਕਮਜ਼ੋਰ ਕਰ ਰਹੀ ਹੈ

ਸਾਈਬਰ ਅਪਰਾਧ ਅਤੇ ਡਿਜੀਟਲ ਧੋਖਾਧੜੀ

ਤਕਨੀਕ ਦੇ ਦੁਰਵਰਤੋਂ ਦਾ ਸਭ ਤੋਂ ਖ਼ਤਰਨਾਕ ਪਹਿਲੂ ਸਾਈਬਰ ਅਪਰਾਧ ਹੈ। ਪਛਾਣ ਦੀ ਚੋਰੀ, ਔਨਲਾਈਨ ਠੱਗੀਆਂ, ਬੈਂਕਿੰਗ ਧੋਖਾਧੜੀ, ਜਾਅਲੀ ਕਾਲਾਂ ਅਤੇ ਡੇਟਾ ਚੋਰੀ ਵਰਗੀਆਂ ਘਟਨਾਵਾਂ ਤੇਜ਼ੀ ਨਾਲ ਵਧ ਰਹੀਆਂ ਹਨ। ਅਣਜਾਣ ਲਿੰਕ 'ਤੇ ਕਲਿੱਕ ਕਰਨਾ ਜਾਂ ਨਿੱਜੀ ਜਾਣਕਾਰੀ ਸਾਂਝੀ ਕਰਨਾ ਗੰਭੀਰ ਨੁਕਸਾਨ ਦਾ ਕਾਰਨ ਬਣ ਸਕਦਾ ਹੈ.

ਨਿੱਜਤਾ ਪਰ ਖ਼ਤਰਾ

ਡਿਜੀਟਲ ਪਲੇਟਫਾਰਮ 'ਤੇ ਸਾਡੀ ਨਿੱਜੀ ਜਾਣਕਾਰੀ ਸੁਰੱਖਿਅਤ ਨਹੀਂ ਰਹਿੰਦੀ ਜੇਕਰ ਸਾਵਧਾਨੀ ਨਾ ਵਰਤੀ ਜਾਵੇ। ਐਪਸ ਅਤੇ ਵੈੱਬਸਾਈਟਾਂ ਉਪਭੋਗਤਾਵਾਂ ਦਾ ਡੇਟਾ ਇਕੱਠਾ ਕਰਦੀਆਂ ਹਨ, ਜਿਸਦਾ ਦੁਰਵਰਤੋਂ ਕੀਤਾ ਜਾ ਸਕਦਾ ਹੈ.

ਮਾਨਸਿਕ ਸਿਹਤ 'ਤੇ ਪ੍ਰਭਾਵ

ਲਗਾਤਾਰ ਸਕ੍ਰੀਨ ਦੀ ਵਰਤੋਂ, ਤੁਲਨਾ ਅਤੇ ਔਨਲਾਈਨ ਮਾਨਤਾ ਦੀ ਇੱਛਾ ਤਣਾਅ, ਚਿੰਤਾ ਅਤੇ ਸਵੈ-ਮਾਣ ਵਿੱਚ ਕਮੀ ਦਾ ਕਾਰਨ ਬਣ ਰਹੀ ਹੈ।

ਵਰਚੁਅਲ ਦੁਨੀਆਂ ਵਿੱਚ ਸਵੀਕ੍ਰਿਤੀ ਦੀ ਭਾਲ ਅਸਲ ਜ਼ਿੰਦਗੀ ਦੇ ਸੰਤੁਲਨ ਨੂੰ ਵਿਗਾੜ ਸਕਦੀ ਹੈ.

ਹੱਲ: ਜ਼ਿੰਮੇਵਾਰ ਵਰਤੋਂ ਦੀ ਲੋੜ

ਤਕਨੀਕ ਸਮੱਸਿਆ ਨਹੀਂ ਹੈ; ਉਸਦਾ ਦੁਰਵਰਤੋਂ ਸਮੱਸਿਆ ਹੈ। ਹੱਲ ਲਈ ਸਮਾਜ, ਪਰਿਵਾਰ ਅਤੇ ਸੰਸਥਾਵਾਂ ਨੂੰ ਮਿਲ ਕੇ ਕੋਸ਼ਿਸ਼ ਕਰਨੇ ਪੈਣਗੇ:

ਡਿਜੀਟਲ ਸਾਖਰਤਾ ਨੂੰ ਉਤਸ਼ਾਹਿਤ ਕਰਨਾ
ਬੱਚਿਆਂ ਦੇ ਸਕ੍ਰੀਨ ਸਮੇਂ 'ਤੇ ਨਿਯੰਤਰਣ
ਸੋਸ਼ਲ ਮੀਡੀਆ 'ਤੇ ਜਾਣਕਾਰੀ ਸਾਂਝੀ ਕਰਨ ਤੋਂ ਪਹਿਲਾਂ ਤਸਦੀਕ
ਸਾਈਬਰ ਸੁਰੱਖਿਆ ਜਾਗਰੂਕਤਾ
ਤਕਨੀਕ ਤੋਂ ਦੂਰੀ ਬਣਾ ਕੇ ਅਸਲ ਗਤੀਵਿਧੀਆਂ ਵਿੱਚ ਭਾਗੀਦਾਰੀ

ਸਿੱਟਾ

ਤਕਨੀਕ ਮਨੁੱਖੀ ਤਰੱਕੀ ਦਾ ਸ਼ਕਤੀਸ਼ਾਲੀ ਸਾਧਨ ਹੈ, ਪਰ ਇਸਦਾ ਬੇਕਾਬੂ ਅਤੇ ਅਣਉਚਿਤ ਵਰਤੋਂ ਸਮਾਜਿਕ ਸੰਤੁਲਨ ਨੂੰ ਵਿਗਾੜ ਸਕਦੀ ਹੈ।

ਇਸ ਗੱਲ ਦੀ ਲੋੜ ਹੈ ਕਿ ਅਸੀਂ ਤਕਨਾਲੋਜੀ ਦੇ ਮਾਲਕ ਬਣੀਏ, ਉਸਦੇ ਗੁਲਾਮ ਨਹੀਂ। ਸਮਝਦਾਰੀ ਨਾਲ ਅਤੇ ਜ਼ਿੰਮੇਵਾਰ ਵਰਤੋਂ ਹੀ ਤਕਨੀਕ ਨੂੰ ਮਨੁੱਖੀ ਭਲਾਈ ਦਾ ਸਾਧਨ ਬਣਾ ਸਕਦੀ ਹੈ

Now Open New Banquet Hall in Sacramento
For more info: Contact Paul : (916)334-6000




RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN
FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

ਬਾਲ ਕਵਿਤਾ

# ਕੁਦਰਤ ਰੰਗ ਬਿਖੇਰੇ

ਕਿੰਨੇ ਸੋਹਣੇ ਰੰਗ ਕੁਦਰਤ ਦੇ,
ਸਭ ਦੇ ਮਨ ਨੂੰ ਭਾਉਂਦੇ ਨੇ।
ਨਿੱਤ ਨਵੇਂ ਇਹ ਰੰਗ ਬਿਖੇਰੇ,
ਗਿਣਤੀ ਵਿੱਚ ਨਾ ਆਉਂਦੇ ਨੇ।
ਬੂਟਾ ਇੱਕ, ਫੁੱਲ ਕਈ ਤਰ੍ਹਾਂ ਦੇ,
ਨਾਲ ਟਾਹਣੀਆਂ ਲੱਗਦੇ ਨੇ।
ਰੰਗ ਬਿਰੰਗੇ ਫੁੱਲ ਕਿਵੇਂ ਇਹ
ਭੌਰਿਆਂ ਤਾਈਂ ਠੱਗਦੇ ਨੇ।
ਬੁੱਢੀ ਮਾਈ ਵਿੱਚ ਅਸਮਾਨੀਂ
ਪੀਂਘ ਸਤਰੰਗੀ ਪਾਉਂਦੀ ਹੈ।
ਕਾਲੇ ਬੱਦਲਾਂ ਵਿੱਚੋਂ ਲੰਘ ਕੇ
ਕਿੰਨੇ ਰੰਗ ਦਿਖਾਉਂਦੀ ਹੈ।
ਤ੍ਰੇਲ ਤੁਪਕੇ ਵਿੱਚੋਂ ਜਦ ਸੂਰਜ
ਕਿਰਨਾਂ ਲੰਘਦੀਆਂ ਨੇ।
ਪ੍ਰੀਮੀਅਮ ਇਹ ਬਣਾਉਂਦੀਆਂ,
ਬਣ ਕੇ ਕਿੰਨੇ ਰੰਗ ਦੀਆਂ ਨੇ।
ਆਸੇ ਪਾਸੇ ਹੋਰ ਰੰਗਾਂ ਨੂੰ ,
ਅਸੀਂ ਨਿੱਤ ਤੱਕਦੇ ਰਹਿੰਦੇ ਹਾਂ,
ਵਾਹ ! ਕਾਦਰ ਦੀ ਕੁਦਰਤ ! !
ਇਹ ਮੂੰਹੋਂ ਆਪਣੇ ਕਹਿੰਦੇ ਹਾਂ।
ਬਹੁਤੇ ਰੰਗ ਸ਼ਿੰਗਾਰੇ ਕੁਦਰਤ,
ਦੁਨੀਆਂ ਰੰਗ ਬਿਰੰਗੀ ਹੈ।
'ਪੱਤੋ' ਆਖੇ ਸਮਝੋਂ ਬਾਹਰ ਇਹ
ਕੁੱਝ ਚੰਗੀ ਕੁੱਝ ਮੰਦੀ ਹੈ।



SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

# ਹੋਲੀ ਦਾ ਤਿਉਹਾਰ

ਰੰਗ-ਬਿਰੰਗਾ ਆ ਗਿਆ ਫਿਰ ਤੋਂ,
ਹੋਲੀ ਦਾ ਤਿਉਹਾਰ।
ਹਰ ਪਾਸੇ ਛਾਈ ਹੈ ਮਸਤੀ,
ਰੰਗਾਂ ਦੀ ਬੌਛਾਰ।
ਨੀਲੇ, ਪੀਲੇ, ਲਾਲ, ਗੁਲਾਬੀ,
ਮੂੰਹ-ਸਿਰ ਸਭ ਦੇ ਰੰਗੇ।
ਆਵੇ ਨਾ ਪਹਿਚਾਣ ਕਿਸੇ ਦੀ,
ਕੱਲ੍ਹ ਤੱਕ ਜੋ ਸਨ ਚੰਗੇ।
ਰੰਗਾਂ ਨਾਲ ਹੀ ਭਰੇ ਪਏ ਨੇ,
ਸਾਰੇ ਗਲੀ-ਬਾਜ਼ਾਰ।
ਛੱਡੀਏ ਸਾੜਾ, ਨਫ਼ਰਤ, ਦੂਰੀ,
ਮਨ ਚੋਂ ਮੈਲ ਮਿਟਾਈਏ।
ਪਾਈਏ ਘੁੱਟ ਗਲਵੱਕੜੀ ਸਭ ਨੂੰ,
ਨਾਲ ਗਲੇ ਦੇ ਲਾਈਏ।
ਪਿਆਰ, ਮੁਹੱਬਤ ਤੇ ਖੁਸ਼ੀਆਂ ਵਿੱਚ,
ਰੰਗਿਆ ਹੈ ਸੰਸਾਰ।
ਦੂਰ ਪਰੇ ਇੱਕ ਟੋਲੀ ਨਿਕਲੀ,
ਕਰਕੇ ਖ਼ੂਬ ਤਿਆਰੀ।
ਕਿਸੇ ਕੋਲ ਨੇ ਭਰੇ ਗੁਬਾਰੇ,
ਕਿਸੇ ਕੋਲ ਪਿਚਕਾਰੀ।
ਵੱਡੇ-ਛੋਟੇ ਰਲ ਮਸਤੀ ਵਿੱਚ,
ਕਰਦੇ ਜੈ-ਜੈਕਾਰ।
ਸਭ ਧਰਮਾਂ, ਵਰਗਾਂ ਦੇ ਲੋਕੀਂ,
ਮਿਲ ਕੇ ਗੀਤ ਨੇ ਗਾਉਂਦੇ।
ਕੁਝ ਸੁੱਕੇ, ਕੁਝ ਗਿੱਲੇ ਰੰਗਾਂ ਨੂੰ,
ਇੱਕ-ਦੂਜੇ ਤੇ ਪਾਉਂਦੇ।
'ਨਵ ਸੰਗੀਤ' ਦਾ ਫਿੱਕਾ ਜੀਵਨ ਵੀ,
ਬਣਿਆ ਹੈ ਗੁਲਜ਼ਾਰ।



ਸਾਂਝੀ ਸੋਚ
ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.

LARRY T. NIERMEYER

Attorney at Law
OFFERING SERVICES IN THE FOLLOWING AREAS
1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation


PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


JK TYRE INC
JKTYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
BARKLEY
Feel the difference
PIRELLI
MICHELIN
A better way forward
BRIDGESTONE
Firestone
YOKOHAMA
PEARLY
NAMA
TOYO TIRES
driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ

ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# RESIDENTIAL, COMMERCIAL AND SOLAR FARMS

**with Singhsloar High performance Bifacial Smart Panels**

**ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ**

100% CUSTOMER SATISFACTION GUARANTEED

SINGH SOLAR



## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰ.ਫ ਇਕ ਕਾਲ - ਵੱਡੀ ਬੱਚਤ**

# 510-706-1300

**singhsolarusa@gmail.com**

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**






**GURDIP S SANDHU**

**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# SANJHI SOCH TV & DAILY NEWSPAPER

## TO EXPAND YOUR BUSINESS IN INDIAN COMMUNITY

Through Newspaper & T.V, Advertise with us just as low as **$100 PER MONTH.**

**Call +1 (209) 303-1260**

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com | Sanjhi Soch TV NRI

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

SANJHI SOCH

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260